ਪਰਮ ਪਦ ਦੀ ਪ੍ਰਾਪਤੀ ਕਿਵੇਂ ਹੋਵੇ

(ਲੇਖਕ: ਭਾਈ ਜੋਧ ਸਿੰਘ)

– ਹਠੁ ਨਿਗ੍ਰਹੁ ਕਰਿ ਕਾਇਆ ਛੀਜੈ॥ ਵਰਤੁ ਤਪਨੁ ਕਰਿ ਮਨੁ ਨਹੀ ਭੀਜੈ॥
ਰਾਮ ਨਾਮ ਸਰਿ ਅਵਰੁ ਨ ਪੂਜੈ॥ ਗੁਰੁ ਸੇਵਿ ਮਨਾ ਹਰਿ ਜਨ ਸੰਗੁ ਕੀਜੈ॥
ਜਮੁ ਜੰਦਾਰੁ ਜੋਹਿ ਨਹੀ ਸਾਕੈ ਸਰਪਨਿ ਡਸਿ ਨ ਸਕੈ ਹਰਿ ਕਾ ਰਸੁ ਪੀਜੈ॥ਰਹਾਉ॥
ਵਾਦੁ ਪੜੈ ਰਾਗੀ ਜਗੁ ਭੀਜੈ॥ ਤ੍ਰੈ ਗੁਣ ਬਿਖਿਆ ਜਨਮਿ ਮਰੀਜੈ॥
ਰਾਮ ਨਾਮ ਬਿਨੁ ਦੂਖੁ ਸਹੀਜੈ॥ ਚਾਝਸਿ ਪਵਨੁ ਸਿੰਘਾਸਨੁ ਭੀਜੈ॥
ਨਿਉਲੀ ਕਰਮ ਖਟੁ ਕਰਮ ਕਰੀਜੈ॥ ਰਾਮ ਨਾਮ ਬਿਨੁ ਬਿਰਥਾ ਸਾਸੁ ਲੀਜੈ॥
ਅੰਤਰਿ ਪੰਚ ਅਗਨਿ ਕਿਉ ਧੀਰਜੁ ਧੀਜੈ॥ ਅੰਤਰਿ ਚੋਰੁ ਕਿਉ ਸਾਦੁ ਲਹੀਜੈ॥
ਗੁਰਮੁਖਿ ਹੋਇ ਕਾਇਆ ਗੜੁ ਲੀਜੈ॥ ਅੰਤਰਿ ਮੈਲੁ ਤੀਰਥ ਭਰਮੀਜੈ॥
ਮਨੁ ਨਹੀ ਸੂਚਾ ਕਿਆ ਸੋਚ ਕਰੀਜੈ॥ ਕਿਰਤੁ ਪਇਆ ਦੋਸੁ ਕਾ ਕਉ ਦੀਜੈ॥
ਅੰਨੁ ਨ ਖਾਹਿ ਦੇਹੀ ਦੁਖੁ ਦੀਜੈ॥ ਬਿਨੁ ਗੁਰ ਗਿਆਨ ਤ੍ਰਿਪਤਿ ਨਹੀ ਥੀਜੈ॥
ਮਨਮੁਖਿ ਜਨਮੈ ਜਨਮਿ ਮਰੀਜੈ॥ (੯੦੫)

– ਪਾਠੁ ਪੜਿਓ ਅਰੁ ਬੇਦੁ ਬੀਚਾਰਿਓ ਨਿਵਲਿ ਭੁਅੰਗਮ ਸਾਧੇ॥
ਪੰਚ ਜਨਾ ਸਿਉ ਸੰਗੁ ਨ ਛੁਟਕਿਓ ਅਧਿਕ ਅਹੰਬੁਧਿ ਬਾਧੇ॥
ਪਿਆਰੇ ਇਨ ਬਿਧਿ ਮਿਲਣੁ ਨ ਜਾਈ ਮੈ ਕੀਏ ਕਰਮ ਅਨੇਕਾ॥
ਹਾਰਿ ਪਰਿਓ ਸੁਆਮੀ ਕੈ ਦੁਆਰੈ ਦੀਜੈ ਬੁਧਿ ਬਿਬੇਕਾ॥ਰਹਾਉ॥
ਮੋਨਿ ਭਇਓ ਕਰਪਾਤੀ ਰਹਿਓ ਨਗਨ ਫਿਰਿਓ ਬਨ ਮਾਹੀ॥
ਤਟ ਤੀਰਥ ਸਭ ਧਰਤੀ ਭ੍ਰਮਿਓ ਦੁਬਿਧਾ ਛੁਟਕੈ ਨਾਹੀ॥
ਮਨ ਕਾਮਨਾ ਤੀਰਥ ਜਾਇ ਬਸਿਓ ਸਿਰਿ ਕਰਵਤ ਧਰਾਏ॥
ਮਨ ਕੀ ਮੈਲੁ ਨ ਉਤਰੈ ਇਹ ਬਿਧਿ ਜੇ ਲਖ ਜਤਨ ਕਰਾਏ॥
ਕਨਿਕ ਕਾਮਿਨੀ ਹੈਵਰ ਗੈਵਰ ਬਹੁ ਬਿਧਿ ਦਾਨੁ ਦਾਤਾਰਾ॥
ਅੰਨ ਬਸਤ੍ਰ ਭੂਮਿ ਬਹੁ ਅਰਪੇ ਨਹ ਮਿਲੀਐ ਹਰਿ ਦੁਆਰਾ॥
ਪੂਜਾ ਅਰਚਾ ਬੰਦਨ ਡੰਡਉਤ ਖਟੁ ਕਰਮਾ ਰਤੁ ਰਹਤਾ॥
ਹਉ ਹਉ ਕਰਤ ਬੰਧਨ ਮਹਿ ਪਰਿਆ ਨਹ ਮਿਲੀਐ ਇਹ ਜੁਗਤਾ॥
ਜੋਗ ਸਿਧ ਆਸਣ ਚਉਰਾਸੀਹ ਏ ਭੀ ਕਰਿ ਕਰਿ ਰਹਿਆ॥
ਵਡੀ ਆਰਜਾ ਫਿਰਿ ਫਿਰਿ ਜਨਮੈ ਹਰਿ ਸਿਉ ਸੰਗੁ ਨ ਗਹਿਆ॥
ਰਾਜ ਲੀਲਾ ਰਾਜਨ ਕੀ ਰਚਨਾ ਕਰਿਆ ਹੁਕਮੁ ਅਫਾਰਾ॥
ਸੇਜ ਸੋਹਨੀ ਚੰਦਨੁ ਚੋਆ ਨਰਕ ਘੋਰ ਕਾ ਦੁਆਰਾ॥
ਹਰਿ ਕੀਰਤਿ ਸਾਧਸੰਗਤਿ ਹੈ ਸਿਰਿ ਕਰਮਨ ਕੈ ਕਰਮਾ॥
ਕਹੁ ਨਾਨਕ ਤਿਸੁ ਭਇਓ ਪਰਾਪਤਿ ਜਿਸੁ ਪੁਰਬ ਲਿਖੇ ਕਾ ਲਹਨਾ॥
ਤੇਰੋ ਸੇਵਕੁ ਇਹ ਰੰਗਿ ਮਾਤਾ॥
ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਹਰਿ ਹਰਿ ਕੀਰਤਨਿ ਇਹੁ ਮਨੁ ਰਾਤਾ ॥ ਰਹਾਉ ਦੂਜਾ॥ (੬੪੧)

ਨਿਰਾ ਭੇਖ ਧਾਰਨ ਨਾਲ ਕੁਝ ਨਹੀਂ ਬਣਦਾ। ਮਾਇਆ ਦੀਆਂ ਫਸਾਵਟਾਂ ਤੋਂ ਬਚਣ ਵਿੱਚ ਹੀ ਸਿਧੀ ਹੈ।

– ਜੋਗੁ ਨ ਖਿੰਥਾ ਜੋਗੁ ਨ ਡੰਡੈ ਜੋਗੁ ਨ ਭਸਮ ਚੜਾਈਐ॥ਜੋਗੁ ਨ ਮੁੰਦੀ ਮੂੰਡਿ ਮੁਡਾਇਐ ਜੋਗੁ ਨ ਸਿਙੀ ਵਾਈਐ॥
ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ॥
ਗਲੀ ਜੋਗੁ ਨ ਹੋਈ॥ ਏਕ ਦ੍ਰਿਸਟਿ ਕਰਿ ਸਮਸਰਿ ਜਾਣੈ ਜੋਗੀ ਕਹੀਐ ਸੋਈ॥ਰਹਾਉ॥
ਜੋਗੁ ਨ ਬਾਹਰਿ ਮੜੀ ਮਸਾਣੀ ਜੋਗੁ ਨ ਤਾੜੀ ਲਾਈਐ
ਜੋਗੁ ਨ ਦੇਸਿ ਦਿਸੰਤਰਿ ਭਵਿਐ ਜੋਗੁ ਨ ਤੀਰਥਿ ਨਾਈਐ॥
ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ॥
ਸਤਿਗੁਰੁ ਭੇਟੈ ਤਾ ਸਹਸਾ ਤੂਟੈ ਧਾਵਤੁ ਵਰਜਿ ਰਹਾਈਐ॥
ਨਿਝਰੁ ਝਰੈ ਸਹਜ ਧੁਨਿ ਲਾਗੈ ਘਰ ਹੀ ਪਰਚਾ ਪਾਈਐ॥
ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ॥
ਨਾਨਕ ਜੀਵਤਿਆ ਮਰਿ ਰਹੀਐ ਐਸਾ ਜੋਗੁ ਕਮਾਈਐ॥
ਵਾਜੇ ਬਾਝਹੁ ਸਿਙੀ ਵਾਜੈ ਤਉ ਨਿਰਭਉ ਪਦੁ ਪਾਈਐ॥
ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਤਉ ਪਾਈਐ॥ (੭੩੦)

– ਭੇਖੀ ਅਗਨਿ ਨ ਬੁਝਈ ਚਿੰਤਾ ਹੈ ਮਨ ਮਾਹਿ॥
ਵਰਮੀ ਮਾਰੀ ਸਾਪੁ ਨ ਮਰੈ ਤਿਉ ਨਿਗੁਰੇ ਕਰਮ ਕਮਾਹਿ॥(੫੮੮)

ਸੁਚ, ਤੀਰਥ ਇਸ਼ਨਾਨ ਆਦਿ ਕਰਮ ਅੰਦਰ ਦੀ ਮੈਲ ਨੂੰ ਨਹੀਂ ਧੋ ਸਕਦੇ।

– ਬਾਹਰੁ ਧੋਇ ਅੰਤਰੁ ਮਨੁ ਮੈਲਾ ਦੁਇ ਠਉਰ ਅਪੁਨੇ ਖੋਏ॥
ਈਹਾ ਕਾਮਿ ਕ੍ਰੋਧਿ ਮੋਹਿ ਵਿਆਪਿਆ ਆਗੈ ਮੁਸਿ ਮੁਸਿ ਰੋਏ॥
ਗੋਵਿੰਦ ਭਜਨ ਕੀ ਮਤਿ ਹੈ ਹੋਰਾ॥ ਵਰਮੀ ਮਾਰੀ ਸਾਪੁ ਨ ਮਰਈ ਨਾਮੁ ਨ ਸੁਨਈ ਡੋਰਾ॥ਰਹਾਉ॥
ਮਾਇਆ ਕੀ ਕਿਰਤਿ ਛੋਡਿ ਗਵਾਈ ਭਗਤੀ ਸਾਰ ਨ ਜਾਨੈ॥
ਬੇਦ ਸਾਸਤ੍ਰ ਕਉ ਤਰਕਨਿ ਲਾਗਾ ਤਤੁ ਜੋਗੁ ਨ ਪਛਾਨੈ॥
ਉਘਰਿ ਗਇਆ ਜੈਸਾ ਖੋਟਾ ਢਬੂਆ ਨਦਰਿ ਸਰਾਫਾ ਆਇਆ॥
ਅੰਤਰਜਾਮੀ ਸਭੁ ਕਿਛੁ ਜਾਨੈ ਉਸ ਤੇ ਕਹਾ ਛਪਾਇਆ॥
ਕੂੜਿ ਕਪਟਿ ਬੰਚਿ ਨਿੰਮੁਨੀਆਦਾ ਬਿਨਸਿ ਗਇਆ ਤਤਕਾਲੇ॥
ਸਤਿ ਸਤਿ ਸਤਿ ਨਾਨਕਿ ਕਹਿਆ ਅਪਨੈ ਹਿਰਦੈ ਦੇਖੁ ਸਮਾਲੇ॥ (੩੮੧)

ਜਪ, ਤਪ ਆਦਿ ਕਰਮ ਵੀ ਹਉਮੈ ਦੀ ਕੰਧ ਨੂੰ ਤੋੜਦੇ ਨਹੀਂ ਸਗੋਂ ਹੋਰ ਪੱਕਾ ਕਰਦੇ ਹਨ।

– ਜਪ ਤਪ ਬਰਤ ਕੀਨੇ ਪੇਖਨ ਕਉ ਚਰਣਾ ਰਾਮ॥ ਤਪਤਿ ਨ ਕਤਹਿ ਬੁਝੈ ਬਿਨੁ ਸੁਆਮੀ ਸਰਣਾ ਰਾਮ॥ (੫੪੫)

– ਜਾਪ ਤਾਪ ਗਿਆਨ ਸਭਿ ਧਿਆਨ॥ ਖਟ ਸਾਸਤ੍ਰ ਸਿਮ੍ਰਿਤਿ ਵਖਿਆਨ॥
ਜੋਗ ਅਭਿਆਸ ਕਰਮ ਧ੍ਰਮ ਕਿਰਿਆ॥ ਸਗਲ ਤਿਆਗਿ ਬਨ ਮਧੇ ਫਿਰਿਆ॥
ਅਨਿਕ ਪ੍ਰਕਾਰ ਕੀਏ ਬਹੁ ਜਤਨਾ॥ ਪੁੰਨ ਦਾਨ ਹੋਮੇ ਬਹੁ ਰਤਨਾ॥
ਸਰੀਰੁ ਕਟਾਇ ਹੋਮੈ ਕਰਿ ਰਾਤੀ॥ ਵਰਤ ਨੇਮ ਕਰੈ ਬਹੁ ਭਾਤੀ॥
ਨਹੀ ਤੁਲਿ ਰਾਮ ਨਾਮ ਬੀਚਾਰ॥ ਨਾਨਕ ਗੁਰਮੁਖਿ ਨਾਮੁ ਜਪੀਐ ਇਕ ਬਾਰ॥
ਨਉ ਖੰਡ ਪ੍ਰਿਥਮੀ ਫਿਰੈ ਚਿਰੁ ਜੀਵੈ॥ ਮਹਾ ਉਦਾਸੁ ਤਪੀਸਰੁ ਥੀਵੈ॥
ਅਗਨਿ ਮਾਹਿ ਹੋਮਤ ਪਰਾਨ॥ ਕਨਿਕ ਅਸ੍ਵ ਹੈਵਰ ਭੂਮਿ ਦਾਨ॥
ਨਿਉਲੀ ਕਰਮ ਕਰੈ ਬਹੁ ਆਸਨ॥ ਜੈਨ ਮਾਰਗ ਸੰਜਮ ਅਤਿ ਸਾਧਨ॥
ਨਿਮਖ ਨਿਮਖ ਕਰਿ ਸਰੀਰੁ ਕਟਾਵੈ॥ ਤਉ ਭੀ ਹਉਮੈ ਮੈਲੁ ਨ ਜਾਵੈ॥ (੨੬੫)

– ਮਨ ਕਾਮਨਾ ਤੀਰਥ ਦੇਹ ਛੁਟੈ॥ ਗਰਬੁ ਗੁਮਾਨੁ ਨ ਮਨ ਤੇ ਹੁਟੈ॥
ਸੋਚ ਕਰੈ ਦਿਨਸੁ ਅਰੁ ਰਾਤਿ॥ ਮਨ ਕੀ ਮੈਲੁ ਨ ਤਨ ਤੇ ਜਾਤਿ॥
ਇਸੁ ਦੇਹੀ ਕਉ ਬਹੁ ਸਾਧਨਾ ਕਰੈ॥ ਮਨ ਤੇ ਕਬਹੂ ਨ ਬਿਖਿਆ ਟਰੈ॥
ਜਲਿ ਧੋਵੈ ਬਹੁ ਦੇਹ ਅਨੀਤਿ॥ ਸੁਧ ਕਹਾ ਹੋਇ ਕਾਚੀ ਭੀਤਿ॥ (੨੬੫)

– ਕੋਟਿ ਕਰਮ ਕਰੈ ਹਉ ਧਾਰੇ॥ ਸ੍ਰਮੁ ਪਾਵੈ ਸਗਲੇ ਬਿਰਥਾਰੇ॥
ਅਨਿਕ ਤਪਸਿਆ ਕਰੇ ਅਹੰਕਾਰ॥ ਨਰਕ ਸੁਰਗ ਫਿਰਿ ਫਿਰਿ ਅਵਤਾਰ॥
ਅਨਿਕ ਜਤਨ ਕਰਿ ਆਤਮ ਨਹੀ ਦ੍ਰਵੈ॥ ਹਰਿ ਦਰਗਹ ਕਹੁ ਕੈਸੇ ਗਵੈ॥ (੨੭੮)

ਕਰਮਾਂ ਦੁਆਰਾ ਸਹਿਜ ਦੀ ਉਤਪਤੀ ਨਹੀਂ ਹੁੰਦੀ।

– ਕਰਮੀ ਸਹਜੁ ਨ ਊਪਜੈ ਵਿਣੁ ਸਹਜੈ ਸਹਸਾ ਨ ਜਾਇ॥ ਨਹ ਜਾਇ ਸਹਸਾ ਕਿਤੈ ਸੰਜਮਿ ਰਹੇ ਕਰਮ ਕਮਾਏ॥
ਸਹਸੈ ਜੀਉ ਮਲੀਣੁ ਹੈ ਕਿਤੁ ਸੰਜਮਿ ਧੋਤਾ ਜਾਏ॥ ਮੰਨੁ ਧੋਵਹੁ ਸਬਦਿ ਲਾਗਹੁ ਹਰਿ ਸਿਉ ਰਹਹੁ ਚਿਤੁ ਲਾਇ॥
ਕਹੈ ਨਾਨਕੁ ਗੁਰ ਪਰਸਾਦੀ ਸਹਜੁ ਊਪਜੈ ਇਹੁ ਸਹਸਾ ਇਵ ਜਾਇ॥ (੯੧੯)

ਸਾਨੂੰ ਆਪਣੇ ਆਪ ਨੂੰ ਅੰਦਰਲੇ ਅਤੇ ਬਾਹਰਲੇ ਦੋਹਾਂ ਪਾਸਿਆਂ ਤੋਂ ਆਜ਼ਾਦ ਹੋਣਾ ਪਵੇਗਾ। ਸੁਭਾਅ ਦੇ ਬੇਰੋਕ ਰਾਜ ਤੋਂ ਅਥਵਾ ਪਸ਼ੂ ਬਿਰਤੀ ਦੇ ਜਜ਼ਬਿਆਂ ਤੋਂ ਅਤੇ ਬਾਹਰਲੇ ਇਖਲਾਕੀ ਜਜ਼ਬਿਆਂ ਦੀ ਅਧੀਨਗੀ ਤੋਂ, ਤਦੇ ਹੀ ਅਸੀਂ ਵਿਚਾਰਾਂ ਨੂੰ ਇਖਲਾਕੀ ਸੰਸਾਰ ਵਿੱਚ ਕੰਮ ਕਰਨ ਲਈ ਆਜ਼ਾਦ ਕਰ ਸਕਾਂਗੇ। ਜਦੋਂ ਵਿਚਾਰ ਜੀਵਨ ਦੇ ਤਜ਼ਰਬੇ ਦੀ ਨੀਂਹ ਤੇ ਕੰਮ ਕਰਨਗੇ ਤਦੋਂ ਹੀ ਸਾਨੂੰ ਅਸਲ ਸਿਆਣਪ ਪ੍ਰਾਪਤ ਹੋਵੇਗੀ ਅਤੇ ਜਦੋਂ ਵਿਚਾਰ ਅਤੇ ਕਰਮ ਇਕਸੁਰ ਹੋ ਜਾਣਗੇ ਤਦ ਅਸੀਂ ਉਚੇਰੀ ਨੇਕੀ ਦੇ ਦਰਸ਼ਨ ਕਰਾਂਗੇ।

– ਕਰਮ ਕਰਹਿ ਗੁਰ ਸਬਦੁ ਨ ਪਛਾਣਹਿ ਮਰਿ ਜਨਮਹਿ ਵਾਰੋ ਵਾਰਾ॥ (੬੦੨)

ਕਈ ਸੱਜਣ ਇਕ ਹੋਰ ਰਾਹ ਫੜਦੇ ਹਨ, ਉਹ ਕਾਰ ਵਿਹਾਰ ਤਿਆਗ ਕੇ ਜੰਗਲਾਂ ਵਿੱਚ ਜਾ ਬਹਿੰਦੇ ਹਨ ਅਤੇ ਤਪ, ਹਠ, ਪਾਠ, ਜਾਪ ਆਦਿ ਕਰਕੇ ਪਰਮ ਪਦ ਤੱਕ ਪਹੁੰਚਣਾ ਲੋਚਦੇ ਹਨ।

– ਹਾਟੀ ਬਾਟੀ ਰਹਹਿ ਨਿਰਾਲੇ ਰੂਖਿ ਬਿਰਖਿ ਉਦਿਆਨੇ॥ ਕੰਦ ਮੂਲੁ ਅਹਾਰੋ ਖਾਈਐ ਅਉਧੂ ਬੋਲੈ ਗਿਆਨੇ॥
ਤੀਰਥਿ ਨਾਈਐ ਸੁਖੁ ਫਲੁ ਪਾਈਐ ਮੈਲੁ ਨ ਲਾਗੈ ਕਾਈ॥
ਗੋਰਖ ਪੂਤੁ ਲੋਹਾਰੀਪਾ ਬੋਲੈ ਜੋਗ ਜੁਗਤਿ ਬਿਧਿ ਸਾਈ॥ (੯੩੮)

ਇਸ ਦਾ ਉੱਤਰ ਗੁਰੂ ਨਾਨਕ ਸਾਹਿਬ ਜੀ ਇੰਜ ਦਿੰਦੇ ਹਨ:

– ਹਾਟੀ ਬਾਟੀ ਨੀਦ ਨ ਆਵੈ ਪਰ ਘਰਿ ਚਿਤੁ ਨ ਡੋਲਾਈ॥
ਬਿਨੁ ਨਾਵੈ ਮਨੁ ਟੇਕ ਨ ਟਿਕਈ ਨਾਨਕ ਭੂਖ ਨ ਜਾਈ॥
ਹਾਟੁ ਪਟਣੁ ਘਰੁ ਗੁਰੂ ਦਿਖਾਇਆ ਸਹਜੇ ਸਚੁ ਵਾਪਾਰੋ॥
ਖੰਡਿਤ ਨਿਦ੍ਰਾ ਅਲਪ ਅਹਾਰੰ ਨਾਨਕ ਤਤੁ ਬੀਚਾਰੋ॥ (੯੩੯)

ਗੁਰਮਤਿ ਇਹ ਹੈ ਕਿ ਸੰਸਾਰੀ ਕਾਰੋਬਾਰ ਕਰਦਿਆਂ ਮਨੁੱਖ ਗੁਰੂ ਦੀ ਸਿੱਖਿਆ ਦ੍ਰਿੜ੍ਹ ਕਰਕੇ ਸੰਸਾਰੀ ਅਜਮਾਇਸ਼ਾਂ ਉਤੇ ਗਾਲਬ ਹੋਵੇ। ਸਿੱਧਾਂ ਨੇ ਪ੍ਰਸ਼ਨ ਕੀਤਾ:

– ਦੁਨੀਆ ਸਾਗਰੁ ਦੁਤਰੁ ਕਹੀਐ ਕਿਉ ਕਰਿ ਪਾਈਐ ਪਾਰੋ॥
ਚਰਪਟੁ ਬੋਲੈ ਅਉਧੂ ਨਾਨਕ ਦੇਹੁ ਸਚਾ ਬੀਚਾਰੋ॥(੯੩੮)

ਤਾਂ ਗੁਰੂ ਜੀ ਨੇ ਉੱਤਰ ਦਿੱਤਾ:

– ਜੈਸੇ ਜਲ ਮਹਿ ਕਮਲੁ ਨਿਰਾਲਮੁ ਮੁਰਗਾਈ ਨੈ ਸਾਣੇ॥ ਸੁਰਤਿ ਸਬਦਿ ਭਵ ਸਾਗਰੁ ਤਰੀਐ ਨਾਨਕ ਨਾਮੁ ਵਖਾਣੇ॥
ਰਹਹਿ ਇਕਾਂਤਿ ਏਕੋ ਮਨਿ ਵਸਿਆ ਆਸਾ ਮਾਹਿ ਨਿਰਾਸੋ॥
ਅਗਮੁ ਅਗੋਚਰੁ ਦੇਖਿ ਦਿਖਾਏ ਨਾਨਕੁ ਤਾ ਕਾ ਦਾਸੋ॥ (੯੩੮)

ਗ੍ਰਿਹਸਥ ਵਿੱਚ ਰਹਿ ਕੇ ਸਚੁ ਸੰਜਮ ਦੁਆਰਾ ਵਰਤੇ ਤੇ ਗੁਰੂ ਉਪਦੇਸ਼ ਦੁਆਰਾ ਆਪਣੀ ਵਰਤੋਂ ਕਰੇ ਤਾਂ ਉਹ ਪਰਮ ਪਦ ਵੀ ਹਾਸਲ ਕਰ ਲੈਂਦਾ ਹੈ।

– ਬਹੁ ਭੇਖ ਕਰਿ ਭਰਮਾਈਐ ਮਨਿ ਹਿਰਦੈ ਕਪਟੁ ਕਮਾਇ॥
ਹਰਿ ਕਾ ਮਹਲੁ ਨ ਪਾਵਈ ਮਰਿ ਵਿਸਟਾ ਮਾਹਿ ਸਮਾਇ॥
ਮਨ ਰੇ ਗ੍ਰਿਹ ਹੀ ਮਾਹਿ ਉਦਾਸੁ॥ ਸਚੁ ਸੰਜਮੁ ਕਰਣੀ ਸੋ ਕਰੇ ਗੁਰਮੁਖਿ ਹੋਇ ਪਰਗਾਸੁ॥ਰਹਾਉ॥
ਗੁਰ ਕੈ ਸਬਦਿ ਮਨੁ ਜੀਤਿਆ ਗਤਿ ਮੁਕਤਿ ਘਰੈ ਮਹਿ ਪਾਇ॥
ਹਰਿ ਕਾ ਨਾਮੁ ਧਿਆਈਐ ਸਤਸੰਗਤਿ ਮੇਲਿ ਮਿਲਾਇ॥ (੨੬)

ਸਤਿਗੁਰੁ ਸਮਝਾਉਂਦੇ ਹਨ ਕਿ ਤਿਆਗਣ ਜੋਗ ਅਸਲ ਵਿੱਚ ਕੀ ਹੈ:

– ਤਿਆਗਨਾ ਤਿਆਗਨੁ ਨੀਕਾ ਕਾਮੁ ਕ੍ਰੋਧੁ ਲੋਭੁ ਤਿਆਗਨਾ॥ (੧੦੧੮)

– ਪ੍ਰਥਮੇ ਛੋਡੀ ਪਰਾਈ ਨਿੰਦਾ॥ ਉਤਰਿ ਗਈ ਸਭ ਮਨ ਕੀ ਚਿੰਦਾ॥
ਲੋਭੁ ਮੋਹੁ ਸਭੁ ਕੀਨੋ ਦੂਰਿ॥ ਪਰਮ ਬੈਸਨੋ ਪ੍ਰਭ ਪੇਖਿ ਹਜੂਰਿ॥
ਐਸੋ ਤਿਆਗੀ ਵਿਰਲਾ ਕੋਇ॥ ਹਰਿ ਹਰਿ ਨਾਮੁ ਜਪੈ ਜਨੁ ਸੋਇ॥ਰਹਾਉ॥
ਅਹੰਬੁਧਿ ਕਾ ਛੋਡਿਆ ਸੰਗੁ॥ ਕਾਮ ਕ੍ਰੋਧ ਕਾ ਉਤਰਿਆ ਰੰਗੁ॥
ਨਾਮ ਧਿਆਏ ਹਰਿ ਹਰਿ ਹਰੇ॥ ਸਾਧ ਜਨਾ ਕੈ ਸੰਗਿ ਨਿਸਤਰੇ॥
ਬੈਰੀ ਮੀਤ ਹੋਏ ਸੰਮਾਨ॥ ਸਰਬ ਮਹਿ ਪੂਰਨ ਭਗਵਾਨ॥
ਪ੍ਰਭ ਕੀ ਆਗਿਆ ਮਾਨਿ ਸੁਖੁ ਪਾਇਆ॥ ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ॥
ਕਰਿ ਕਿਰਪਾ ਜਿਸੁ ਰਾਖੈ ਆਪਿ॥ ਸੋਈ ਭਗਤੁ ਜਪੈ ਨਾਮ ਜਾਪ॥
ਮਨਿ ਪ੍ਰਗਾਸੁ ਗੁਰ ਤੇ ਮਤਿ ਲਈ॥ ਕਹੁ ਨਾਨਕ ਤਾ ਕੀ ਪੂਰੀ ਪਈ॥ (੧੧੪੭)

– ਛੋਡਹੁ ਕਾਮ ਕ੍ਰੋਧੁ ਬੁਰਿਆਈ॥ ਹਉਮੈ ਧੰਧੁ ਛੋਡਹੁ ਲੰਪਟਾਈ॥
ਸਤਿਗੁਰ ਸਰਣਿ ਪਰਹੁ ਤਾ ਉਬਰਹੁ ਇਉ ਤਰੀਐ ਭਵਜਲੁ ਭਾਈ ਹੇ॥ (੧੦੨੬)

– ਪਰ ਦਾਰਾ ਪਰ ਧਨੁ ਪਰ ਲੋਭਾ ਹਉਮੈ ਬਿਖੈ ਬਿਕਾਰ॥
ਦੁਸਟ ਭਾਉ ਤਜਿ ਨਿੰਦ ਪਰਾਈ ਕਾਮੁ ਕ੍ਰੋਧੁ ਚੰਡਾਰ॥ ਮਹਲ ਮਹਿ ਬੈਠੇ ਅਗਮ ਅਪਾਰ॥
ਭੀਤਰਿ ਅੰਮ੍ਰਿਤੁ ਸੋਈ ਜਨੁ ਪਾਵੈ ਜਿਸੁ ਗੁਰ ਕਾ ਸਬਦੁ ਰਤਨੁ ਆਚਾਰ॥ਰਹਾਉ॥
ਦੁਖ ਸੁਖ ਦੋਊ ਸਮ ਕਰਿ ਜਾਨੈ ਬੁਰਾ ਭਲਾ ਸੰਸਾਰ॥
ਸੁਧਿ ਬੁਧਿ ਸੁਰਤਿ ਨਾਮਿ ਹਰਿ ਪਾਈਐ ਸਤਸੰਗਤਿ ਗੁਰ ਪਿਆਰ॥ (੧੨੫੫)

– ਤਿਹ ਜੋਗੀ ਕਉ ਜੁਗਤਿ ਨ ਜਾਨਉ॥
ਲੋਭ ਮੋਹ ਮਾਇਆ ਮਮਤਾ ਫੁਨਿ ਜਿਹ ਘਟਿ ਮਾਹਿ ਪਛਾਨਉ॥ਰਹਾਉ॥
ਪਰ ਨਿੰਦਾ ਉਸਤਤਿ ਨਹ ਜਾ ਕੈ ਕੰਚਨ ਲੋਹ ਸਮਾਨੋ॥
ਹਰਖ ਸੋਗ ਤੇ ਰਹੈ ਅਤੀਤਾ ਜੋਗੀ ਤਾਹਿ ਬਖਾਨੋ॥ (੬੮੫)

– ਕਾਮੁ ਕ੍ਰੋਧੁ ਲੋਭੁ ਮੋਹੁ ਮਿਟਾਵੈ ਛੁਟਕੈ ਦੁਰਮਤਿ ਅਪੁਨੀ ਧਾਰੀ॥
ਹੋਇ ਨਿਮਾਣੀ ਸੇਵ ਕਮਾਵਹਿ ਤਾ ਪ੍ਰੀਤਮ ਹੋਵਹਿ ਮਨਿ ਪਿਆਰੀ॥ (੩੭੭)

ਅਸਲ ਗੱਲ ਇਹ ਹੈ ਕਿ ਨਿਰੰਕਾਰੀ ਜੋਤ ਜੋ ਸਾਡੇ ਅੰਦਰ ਵਸਦੀ ਹੈ, ਉਸ ਨਾਲੋਂ ਸਾਨੂੰ ਹਉਮੈ ਨੇ ਨਿਖੇੜਿਆ ਹੋਇਆ ਹੈ। ਜਦ ਤੱਕ ਮਨ ਵਿੱਚ ਹਉਮੈ ਕਾਇਮ ਹੈ, ਤਦ ਤੱਕ ਮਾਇਆ ਦਾ ਤਿਆਗ ਨਹੀਂ ਹੋ ਸਕਦਾ ਕਿਉਂਕਿ ਮਾਇਆ ਦਾ ਅਸਰ ਹਉਮੈ ਹੀ ਹੈ।

– ਨਾ ਮਨੁ ਮਰੈ ਨ ਮਾਇਆ ਮਰੈ॥
ਜਿਨਿ ਕਿਛੁ ਕੀਆ ਸੋਈ ਜਾਣੈ ਸਬਦੁ ਵੀਚਾਰਿ ਭਉ ਸਾਗਰੁ ਤਰੈ॥ਰਹਾਉ॥
ਜਿਉ ਮਨੁ ਦੇਖਹਿ ਪਰ ਮਨੁ ਤੈਸਾ॥ ਜੈਸੀ ਮਨਸਾ ਤੈਸੀ ਦਸਾ॥
ਜੈਸਾ ਕਰਮੁ ਤੈਸੀ ਲਿਵ ਲਾਵੈ॥ ਸਤਿਗੁਰੁ ਪੂਛਿ ਸਹਜ ਘਰੁ ਪਾਵੈ॥ (੧੩੪੨)

ਜਦੋਂ ਤੱਕ ਮਨ ਵਿੱਚ ਹਉਮੈ ਕਾਇਮ ਹੈ, ਭਾਵੇਂ ਜਿੰਨੇ ਮਰਜ਼ੀ ਜਪ ਤਪ ਤੀਰਥ, ਪੁੰਨਦਾਨ ਆਦਿ ਕਰੀ ਜਾਵੇ ਜਾਂ ਕਾਰ ਵਿਹਾਰ ਤਿਆਗ ਕੇ ਜੰਗਲਾਂ ਵਿੱਚ ਫਿਰੀ ਜਾਵੇ, ਪ੍ਰਾਪਤ ਕੁਝ ਨਹੀਂ ਹੋਣਾ।

– ਨਾ ਮਨੁ ਮਰੈ ਨ ਕਾਰਜੁ ਹੋਇ॥ ਮਨੁ ਵਸਿ ਦੂਤਾ ਦੁਰਮਤਿ ਦੋਇ॥ ਮਨੁ ਮਾਨੈ ਗੁਰ ਤੇ ਇਕੁ ਹੋਇ॥
ਨਿਰਗੁਣ ਰਾਮੁ ਗੁਣਹ ਵਸਿ ਹੋਇ॥ ਆਪੁ ਨਿਵਾਰਿ ਬੀਚਾਰੇ ਸੋਇ॥ਰਹਾਉ॥
ਮਨੁ ਭੂਲੋ ਬਹੁ ਚਿਤੈ ਵਿਕਾਰੁ॥ ਮਨੁ ਭੂਲੋ ਸਿਰਿ ਆਵੈ ਭਾਰੁ॥ ਮਨੁ ਮਾਨੈ ਹਰਿ ਏਕੰਕਾਰੁ॥
ਮਨੁ ਭੂਲੋ ਮਾਇਆ ਘਰਿ ਜਾਇ॥ ਕਾਮਿ ਬਿਰੂਧਉ ਰਹੈ ਨ ਠਾਇ॥ ਹਰਿ ਭਜੁ ਪ੍ਰਾਣੀ ਰਸਨ ਰਸਾਇ॥
ਗੈਵਰ ਹੈਵਰ ਕੰਚਨ ਸੁਤ ਨਾਰੀ॥ ਬਹੁ ਚਿੰਤਾ ਪਿੜ ਚਾਲੈ ਹਾਰੀ॥ ਜੂਐ ਖੇਲਣੁ ਕਾਚੀ ਸਾਰੀ॥
ਸੰਪਉ ਸੰਚੀ ਭਏ ਵਿਕਾਰ॥ ਹਰਖ ਸੋਕ ਉਭੇ ਦਰਵਾਰਿ॥ ਸੁਖੁ ਸਹਜੇ ਜਪਿ ਰਿਦੈ ਮੁਰਾਰਿ॥
ਨਦਰਿ ਕਰੇ ਤਾ ਮੇਲਿ ਮਿਲਾਏ॥ ਗੁਣ ਸੰਗ੍ਰਹਿ ਅਉਗਣ ਸਬਦਿ ਜਲਾਏ॥ ਗੁਰਮੁਖਿ ਨਾਮੁ ਪਦਾਰਥੁ ਪਾਏ॥
ਬਿਨੁ ਨਾਵੈ ਸਭ ਦੂਖ ਨਿਵਾਸੁ॥ ਮਨਮੁਖ ਮੂੜ ਮਾਇਆ ਚਿਤ ਵਾਸੁ॥
ਗੁਰਮੁਖਿ ਗਿਆਨੁ ਧੁਰਿ ਕਰਮਿ ਲਿਖਿਆਸੁ॥
ਮਨੁ ਚੰਚਲੁ ਧਾਵਤੁ ਫੁਨਿ ਧਾਵੈ॥ ਸਾਚੇ ਸੂਚੇ ਮੈਲੁ ਨ ਭਾਵੈ॥ ਨਾਨਕ ਗੁਰਮੁਖਿ ਹਰਿ ਗੁਣ ਗਾਵੈ॥ (੨੨੨)

ਯਾਦ ਰਹੇ! ਜਿਸ ਪਦਾਰਥ ਨੂੰ ਅਸਾਂ ਲੱਭਣਾ ਹੈ, ਜਿਸ ਪ੍ਰਕਾਸ਼ ਨੂੰ ਅਸਾਂ ਵੇਖਣਾ ਹੈ, ਉਹ ਸਾਡੇ ਅੰਦਰ ਹੀ ਹੈ।

– ਜੈ ਕਾਰਣਿ ਤਟਿ ਤੀਰਥ ਜਾਹੀ॥ ਰਤਨ ਪਦਾਰਥ ਘਟ ਹੀ ਮਾਹੀ॥
ਪੜਿ ਪੜਿ ਪੰਡਿਤੁ ਬਾਦੁ ਵਖਾਣੈ॥ ਭਤਿਰਿ ਹੋਦੀ ਵਸਤੁ ਨ ਜਾਣੈ॥ (੧੫੨)

– ਜਿਸੁ ਜਲ ਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ॥
ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ॥
ਮਨ ਰੇ ਥਿਰੁ ਰਹੁ ਮਤੁ ਕਤ ਜਾਹੀ ਜੀਉ॥
ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ॥ਰਹਾਉ॥
ਅਵਗੁਣ ਛੋਡਿ ਗੁਣਾ ਕਉ ਧਾਵਹੁ ਕਰਿ ਅਵਗੁਣ ਪਛੁਤਾਹੀ ਜੀਉ॥ (੫੯੮)

– ਇਕਿ ਰੋਵਹਿ ਪਿਰਹਿ ਵਿਛੁੰਨੀਆ ਅੰਧੀ ਨਾ ਜਾਣੈ ਪਿਰੁ ਨਾਲੇ॥
ਗੁਰ ਪਰਸਾਦੀ ਸਾਚਾ ਪਿਰੁ ਮਿਲੈ ਅੰਤਰਿ ਸਦਾ ਸਮਾਲੇ॥
ਪਿਰੁ ਅੰਤਰਿ ਸਮਾਲੇ ਸਦਾ ਹੈ ਨਾਲੇ ਮਨਮੁਖਿ ਜਾਤਾ ਦੂਰੇ॥
ਇਹੁ ਤਨੁ ਰੁਲੈ ਰੁਲਾਇਆ ਕਾਮਿ ਨ ਆਇਆ ਜਿਨਿ ਖਸਮੁ ਨ ਜਾਤਾ ਹਦੂਰੇ॥
ਨਾਨਕ ਸਾ ਧਨ ਮਿਲੈ ਮਿਲਾਈ ਪਿਰੁ ਅੰਤਰਿ ਸਦਾ ਸਮਾਲੇ॥
ਇਕਿ ਰੋਵਹਿ ਪਿਰਹਿ ਵਿਛੁੰਨੀਆ ਅੰਧੀ ਨ ਜਾਣੈ ਪਿਰੁ ਹੈ ਨਾਲੇ॥ (੫੮੩)

– ਪਾਇਆ ਲਾਲੁ ਰਤਨੁ ਮਨਿ ਪਾਇਆ॥ ਤਨੁ ਸੀਤਲੁ ਮਨੁ ਸੀਤਲੁ ਥੀਆ ਸਤਗੁਰ ਸਬਦਿ ਸਮਾਇਆ॥ਰਹਾਉ॥
ਲਾਥੀ ਭੂਖ ਤ੍ਰਿਸਨ ਸਭ ਲਾਥੀ ਚਿੰਤਾ ਸਗਲ ਬਿਸਾਰੀ॥ਕਰੁ ਮਸਤਕਿ ਗੁਰਿ ਪੂਰੈ ਧਰਿਓ ਮਨੁ ਜੀਤੋ ਜਗੁ ਸਾਰੀ॥
ਤ੍ਰਿਪਤਿ ਅਘਾਇ ਰਹੇ ਰਿਦ ਅੰਤਰਿ ਡੋਲਨ ਤੇ ਅਬ ਚੂਕੇ॥ਅਖੁਟੁ ਖਜਾਨਾ ਸਤਿਗੁਰਿ ਦੀਆ ਤੋਟਿ ਨਹੀ ਰੇ ਮੂਕੇ॥
ਅਚਰਜੁ ਏਕੁ ਸੁਨਹੁ ਰੇ ਭਾਈ ਗੁਰਿ ਐਸੀ ਬੂਝ ਬੁਝਾਈ॥
ਲਾਹਿ ਪਰਦਾ ਠਾਕੁਰੁ ਜਉ ਭੇਟਿਓ ਤਉ ਬਿਸਰੀ ਤਾਤਿ ਪਰਾਈ॥
ਕਹਿਓ ਨ ਜਾਈ ਏਹੁ ਅਚੰਭਉ ਸੋ ਜਾਨੈ ਜਿਨਿ ਚਾਖਿਆ॥
ਕਹੁ ਨਾਨਕ ਸਚ ਭਏ ਬਿਗਾਸਾ ਗੁਰਿ ਨਿਧਾਨੁ ਰਿਦੈ ਲੈ ਰਾਖਿਆ॥ (੨੧੫)

– ਘਰ ਹੀ ਮੁੰਧਿ ਵਿਦੇਸਿ ਪਿਰੁ ਨਿਤ ਝੂਰੇ ਸੰਮ੍ਹਾਲੇ॥ ਮਿਲਦਿਆ ਢਿਲ ਨ ਹੋਵਈ ਜੇ ਨੀਅਤਿ ਰਾਸਿ ਕਰੇ॥ (੫੯੪)

– ਮਨਮੁਖ ਕੋਠੀ ਅਗਿਆਨੁ ਅੰਧੇਰਾ ਤਿਨ ਘਰਿ ਰਤਨੁ ਨ ਲਾਖਾ॥
ਤੇ ਊਝੜਿ ਭਰਮਿ ਮੁਏ ਗਾਵਾਰੀ ਮਾਇਆ ਭੁਅੰਗ ਬਿਖੁ ਚਾਖਾ॥ (੬੯੬)

– ਕੀਏ ਉਪਾਵ ਮੁਕਤਿ ਕੇ ਕਾਰਨਿ ਦਹ ਦਿਸਿ ਕਉ ਉਠਿ ਧਾਇਆ॥
ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ॥ (੭੦੩)

– ਏਕਾ ਸੇਜ ਵਿਛੀ ਧਨ ਕੰਤਾ॥ ਧਨ ਸੂਤੀ ਪਿਰੁ ਸਦ ਜਾਗੰਤਾ॥
ਪੀਓ ਮਦਰੋ ਧਨ ਮਤਵੰਤਾ॥ ਧਨ ਜਾਗੈ ਜੇ ਪਿਰੁ ਬੋਲੰਤਾ॥ (੭੩੭)

– ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ॥
ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ॥ (੬੪੪)

ਇਸ ਚਾਨਣ ਨੂੰ ਹਉਮੈ ਦੇ ਪਰਦੇ ਨੇ ਲੁਕਾਇਆ ਹੋਇਆ ਹੈ।

– ਘਰ ਹੀ ਮਾਹਿ ਦੂਜੈ ਭਾਇ ਅਨੇਰਾ॥ ਚਾਨਣੁ ਹੋਵੈ ਛੋਡੈ ਹਉਮੈ ਮੇਰਾ॥
ਪਰਗਟੁ ਸਬਦੁ ਹੈ ਸੁਖਦਾਤਾ ਅਨਦਿਨੁ ਨਾਮੁ ਧਿਆਵਣਿਆ॥ (੧੨੬)

– ਹਉ ਹਉ ਭੀਤਿ ਭਇਓ ਹੈ ਬੀਚੋ ਸੁਨਤ ਦੇਸਿ ਨਿਕਟਾਇਓ॥
ਭਾਂਭੀਰੀ ਕੇ ਪਾਤ ਪਰਦੋ ਬਿਨੁ ਪੇਖੇ ਦੂਰਾਇਓ॥
ਭਇਓ ਕਿਰਪਾਲੁ ਸਰਬ ਕੋ ਠਾਕੁਰੁ ਸਗਰੋ ਦੂਖੁ ਮਿਟਾਇਓ॥
ਕਹੁ ਨਾਨਕ ਹਉਮੈ ਭੀਤਿ ਗੁਰਿ ਖੋਈ ਤਉ ਦਇਆਰੁ ਬੀਠਲੋ ਪਾਇਓ॥ (੬੨੪)

– ਹਉਮੈ ਜਲਤੇ ਜਲਿ ਮੁਏ ਭ੍ਰਮਿ ਆਏ ਦੂਜੈ ਭਾਇ॥ ਪੂਰੈ ਸਤਿਗੁਰਿ ਰਾਖਿ ਲੀਏ ਆਪਣੈ ਪੰਨੈ ਪਾਇ॥
ਇਹੁ ਜਗੁ ਜਲਤਾ ਨਦਰੀ ਆਇਆ ਗੁਰ ਕੈ ਸਬਦਿ ਸੁਭਾਇ॥
ਸਬਦਿ ਰਤੇ ਸੇ ਸੀਤਲ ਭਏ ਨਾਨਕ ਸਚੁ ਕਮਾਇ॥ (੬੪੩)

ਸਿੱਧਾਂ ਦਾ ਸੁਆਲ ਸੀ ਕਿ ਮਾਇਆ ਲੋਹੇ ਤੋਂ ਵੀ ਕਰੜੀ ਹੈ ਅਤੇ ਅਸੀਂ ਕਮਜ਼ੋਰ ਹਾਂ, ਮੋਮ ਦੇ ਦੰਦਾਂ ਨਾਲ ਲੋਹਾ ਕਿਵੇਂ ਚਬਾਈਏ?

– ਮੈਣ ਕੇ ਦੰਤ ਕਿਉ ਖਾਈਐ ਸਾਰੁ॥ ਜਿਤੁ ਗਰਬੁ ਜਾਇ ਸੁ ਕਵਣੁ ਆਹਾਰੁ॥
ਹਿਵੈ ਕਾ ਘਰੁ ਮੰਦਰੁ ਅਗਨਿ ਪਿਰਾਹਨੁ॥ ਕਵਨ ਗੁਫਾ ਜਿਤੁ ਰਹੈ ਅਵਾਹਨੁ॥
ਇਤ ਉਤ ਕਿਸ ਕਉ ਜਾਣਿ ਸਮਾਵੈ॥ ਕਵਨ ਧਿਆਨੁ ਮਨੁ ਮਨਹਿ ਸਮਾਵੈ॥ (੯੪੩)

ਤਾਂ ਗੁਰੂ ਜੀ ਨੇ ਉੱਤਰ ਦਿੱਤਾ ਕਿ ਹਉਮੈ ਤਿਆਗ ਕੇ ਸ਼ਬਦ ਕਮਾਈਏ ਤਾਂ ਲੋਹਾ ਚੱਬ ਸਕੀਦਾ ਹੈ।

– ਹਉ ਹਉ ਮੈ ਮੈ ਵਿਚਹੁ ਖੋਵੈ॥ ਦੂਜਾ ਮੇਟੈ ਏਕੋ ਹੋਵੈ॥
ਜਗੁ ਕਰੜਾ ਮਨਮੁਖੁ ਗਾਵਾਰੁ॥ ਸਬਦੁ ਕਮਾਈਐ ਖਾਈਐ ਸਾਰੁ॥
ਅੰਤਰਿ ਬਾਹਰਿ ਏਕੋ ਜਾਣੈ॥ ਨਾਨਕ ਅਗਨਿ ਮਰੈ ਸਤਿਗੁਰ ਕੈ ਭਾਣੈ॥ (੯੪੩)

ਜਦ ਤੱਕ ਹਉ ਦਾ ਖ਼ਿਆਲ ਹੈ ਅਤੇ ਇਹ ਮੇਰੀ ਮੇਰੀ ਕਰ ਰਿਹਾ ਹੈ, ਇਹ ਦੁੱਖੀ ਹੈ।

– ਜਬ ਲਗੁ ਜਾਨੈ ਮੁਝ ਤੇ ਕਛੁ ਹੋਇ॥ ਤਬ ਇਸ ਕਉ ਸੁਖੁ ਨਾਹੀ ਕੋਇ॥
ਜਬ ਇਹ ਜਾਨੈ ਮੈ ਕਿਛੁ ਕਰਤਾ॥ ਤਬ ਲਗੁ ਗਰਭ ਜੋਨਿ ਮਹਿ ਫਿਰਤਾ॥ (੨੭੮)

ਕਿਉਂਕਿ ਹਉਮੈ ਜਦ ਤੱਕ ਕਾਇਮ ਹੈ ਨਾਮ ਦਾ ਵਾਸਾ ਮਨ ਵਿੱਚ ਨਹੀਂ ਹੋ ਸਕਦਾ।

– ਹਉਮੈ ਨਾਵੈ ਨਾਲਿ ਵਿਰੋਧੁ ਹੈ ਦੁਇ ਨ ਵਸਹਿ ਇਕ ਠਾਇ॥
ਹਉਮੈ ਵਿਚਿ ਸੇਵਾ ਨ ਹੋਵਈ ਤਾ ਮਨੁ ਬਿਰਥਾ ਜਾਇ॥
ਹਰਿ ਚੇਤਿ ਮਨ ਮੇਰੇ ਤੂ ਗੁਰ ਕਾ ਸਬਦੁ ਕਮਾਇ॥
ਹੁਕਮੁ ਮੰਨਹਿ ਤਾ ਹਰਿ ਮਿਲੈ ਤਾ ਵਿਚਹੁ ਹਉਮੈ ਜਾਇ॥ਰਹਾਉ॥
ਹਉਮੈ ਸਭੁ ਸਰੀਰੁ ਹੈ ਹਉਮੈ ਓਪਤਿ ਹੋਇ॥
ਹਉਮੈ ਵਡਾ ਗੁਬਾਰੁ ਹੈ ਹਉਮੈ ਵਿਚਿ ਬੁਝਿ ਨ ਸਕੈ ਕੋਇ॥
ਹਉਮੈ ਵਿਚਿ ਭਗਤਿ ਨ ਹੋਵਈ ਹੁਕਮੁ ਨ ਬੁਝਿਆ ਜਾਇ॥
ਹਉਮੈ ਵਿਚਿ ਜੀਉ ਬੰਧੁ ਹੈ ਨਾਮੁ ਨ ਵਸੈ ਮਨਿ ਆਇ॥
ਨਾਨਕ ਸਤਗੁਰਿ ਮਿਲਿਐ ਹਉਮੈ ਗਈ ਤਾ ਸਚੁ ਵਸਿਆ ਮਨਿ ਆਇ॥
ਸਚੁ ਕਮਾਵੈ ਸਚਿ ਰਹੈ ਸਚੇ ਸੇਵਿ ਸਮਾਇ॥ (੫੬੦)

ਇਸ ਲਈ ਹਉਮੈ ਮੇਟਣ ਨਾਲ ਹੀ ਦੁੱਖ ਦੂਰ ਹੋਵੇਗਾ।

– ਖੁਦੀ ਮਿਟੀ ਤਬ ਸੁਖ ਭਏ ਮਨ ਤਨ ਭਏ ਅਰੋਗ॥ ਨਾਨਕ ਦ੍ਰਿਸਟੀ ਆਇਆ ਉਸਤਤਿ ਕਰਨੈ ਜੋਗੁ॥(੨੬੦)

ਮਨ ਸ਼ਖਸੀਅਤ ਦੇ ਖ਼ਿਆਲ ਨਾਲ ਹੀ ਇੱਕ ਰੂਪ ਹੋਇਆ ਹੋਇਆ ਹੈ। ਇਸ ਲਈ ਖੁਦੀ ਦੂਰ ਕਰਨ ਨੂੰ ''ਮਨ ਮਾਰਨ'' ਅਤੇ ਮਨ ਨੂੰ ''ਵੱਸ ਕਰਨ'' ਆਦਿ ਸ਼ਬਦਾਂ ਦੁਆਰਾ ਬਿਆਨ ਕੀਤਾ ਗਿਆ ਹੈ। ਜਦ ਤੱਕ ਹਉਮੈ ਕਾਇਮ ਹੈ ਮਨੁੱਖ ਮਾਇਆ ਦੇ ਅਸਰ ਤੋਂ ਬਾਹਰ ਨਹੀਂ ਹੋ ਸਕਦਾ। ਮਨ ਦੇ ਮਰਨ ਨਾਲ ਮਾਇਆ ਭੀ ਨਾਸ ਹੋ ਜਾਵੇਗੀ।

– ਮਨੁ ਮਾਰੇ ਧਾਤੁ ਮਰਿ ਜਾਇ॥ ਬਿਨੁ ਮੂਏ ਕੈਸੇ ਹੋਰ ਪਾਇ॥ (੧੫੯)

ਹੁਣ ਇਹ ਮਨ ਮਰੇ ਕਿਸ ਤਰ੍ਹਾਂ? ਇਸ ਵਿਸ਼ੇ ਨੂੰ ਅਰੰਭ ਕਰਨ ਤੋਂ ਪਹਿਲਾਂ ਇਹ ਦੱਸਣਾ ਜ਼ਰੂਰੀ ਹੈ ਕਿ ਸਿਖੀ ਮਾਰਗ ਦੇ ਪ੍ਰਚਾਰ ਤੋਂ ਪਹਿਲੇ ਪਰਮ ਪਦ ਦੀ ਪ੍ਰਾਪਤੀ ਦੇ ਕੀ ਰਾਹ ਸਨ? ਸਤਿਗੁਰਾਂ ਤੋਂ ਪਹਿਲਾਂ ਇਹ ਸਿਧਾਂਤ ਮੰਨੇ ਜਾਂਦੇ ਸਨ:

੧. ਕਰਮਾਂ ਰਾਹੀਂ ਸਵਰਗ ਆਦਿ ਦਾ ਵਾਸਾ ਪ੍ਰਾਪਤ ਕਰਨ ਦਾ ਯਤਨ ਕਰਨਾ।

੨. ਮਨੁੱਖ ਅੰਦਰ ਅਨਾਦਿ ਅਗਿਆਨ ਹੈ। ਇਸ ਦੀ ਨਵਿਰਤੀ ਸਰੂਪ ਦੇ ਧਿਆਨ ਦੁਆਰਾ ਹੁੰਦੀ ਹੈ। ਜਦੋਂ ਪੁਰਖ ਆਪਣੇ ਆਪ ਨੂੰ ਪ੍ਰਕਿਰਤੀ ਨਾਲੋਂ ਅੱਡਰਾ ਜਾਣ ਲੈਂਦਾ ਹੈ, ਦੁੱਖ ਦਾ ਅਭਾਵ ਹੋ ਜਾਂਦਾ ਹੈ। ਇਹੋ ਹੀ ਸੁੱਖ ਹੈ।

੩. ਸੁੱਖ ਅਸਲ ਵਿੱਚ ਆਤਮਾ ਦੇ ਸੁਭਾਵ ਵਿੱਚ ਹੈ। ਇਹ ਸਤਚਿਤ ਅਨੰਦ ਸਰੂਪ ਹੈ। ਜਦੋਂ ਭਰਮ ਦਾ ਪਰਦਾ ਲੱਥਾ, ਆਪਣੇ ਸਰੂਪ ਦਾ ਅਸਲਾ ਪਛਾਣਿਆ, ਫਿਰ ਅਨੰਦ ਹੀ ਅਨੰਦ ਹੈ।

੪. ਪ੍ਰਕਿਰਤੀ ਤੇ ਮਾਇਆ, ਇਹ ਸਾਰੀ ਪਰਵਿਰਤੀ ਦਾ ਕਾਰਨ ਹਨ। ਇਨ੍ਹਾਂ ਤੋਂ ਤਬੀਅਤ ਤੋੜ ਕੇ ਅੰਤਰ ਮੁੱਖੀ ਹੋਵੇ। ਅਸਲੀ ਤਰੀਕਾ ਪ੍ਰਾਣਾਯਾਮ ਦੁਆਰਾ ਇੰਦ੍ਰਿਆਂ ਨੂੰ ਸਿਥੱਲ ਕਰਕੇ ਚਿੱਤ ਨੂੰ ਇਕਾਗਰ ਕਰਨਾ ਹੈ ਅਤੇ ਫਿਰ ਸਮਾਧੀ ਵਿੱਚ ਲੀਨ ਹੋ ਕੇ ਸਰੂਪ ਦਾ ਅਨੰਦ ਲੈਣਾ ਹੈ।

ਇਨ੍ਹਾਂ ਸਾਰਿਆਂ ਸਿਧਾਂਤਾਂ ਤੇ ਵਿਚਾਰ ਕਰੀਏ ਅਤੇ ਗੁਰਮਤਿ ਸਿਧਾਂਤ ਨਿਖੜਵੇਂ ਤਰੀਕੇ ਨਾਲ ਪ੍ਰਗਟ ਕਰੀਏ।

ਅਸੀਂ ਸਮਝ ਚੁੱਕੇ ਹਾਂ ਕਿ ਜਦ ਤੱਕ ''ਹਉ'' ਦਾ ਕੇਂਦਰ ਕਾਇਮ ਹੈ, ਜਿਤਨੇ ਵੀ ਕਰਮ ਕੀਤੇ ਜਾਣ ਉਹ ਬੰਧਨ ਰੂਪ ਹੀ ਹੁੰਦੇ ਹਨ।

– ਹਉ ਹਉ ਕਰਤੇ ਕਰਮ ਰਤ ਤਾ ਕੋ ਭਾਰੁ ਅਫਾਰ॥
ਪ੍ਰੀਤਿ ਨਹੀ ਜਉ ਨਾਮ ਸਿਉ ਤਉ ਏਊ ਕਰਮ ਬਿਕਾਰ॥ (੨੫੨)

ਜਦ ਤੱਕ ਹਉਮੈ ਦੀ ਮੈਲ ਅੰਦਰ ਹੈ ਜਿੰਨੇ ਵੀ ਕਰਮ ਕਰੀਏ ਮੈਲੇ ਹੀ ਹਨ।

– ਮਨਿ ਮੈਲੈ ਸਭੁ ਕਿਛੁ ਮੈਲਾ ਤਨਿ ਧੋਤੈ ਮਨੁ ਹਛਾ ਨ ਹੋਇ॥
ਇਹੁ ਜਗਤੁ ਭਰਮਿ ਭੁਲਾਇਆ ਵਿਰਲਾ ਬੂਝੈ ਕੋਇ॥
ਜਪਿ ਮਨ ਮੇਰੇ ਤੂ ਏਕੋ ਨਾਮੁ॥ ਸਤਿਗੁਰ ਦੀਆ ਮੋ ਕਉ ਏਹੁ ਨਿਧਾਨੁ॥ਰਹਾਉ॥
ਸਿਧਾ ਕੇ ਆਸਣ ਜੇ ਸਿਖੈ ਇੰਦ੍ਰੀ ਵਸਿ ਕਰਿ ਕਮਾਇ॥
ਮਨ ਕੀ ਮੈਲੁ ਨ ਉਤਰੈ ਹਉਮੈ ਮੈਲੁ ਨ ਜਾਇ॥
ਇਸੁ ਮਨ ਕੋਉ ਹੋਰੁ ਸੰਜਮੁ ਕੋ ਨਾਹੀ ਵਿਣੁ ਸਤਿਗੁਰ ਕੀ ਸਰਣਾਇ॥
ਸਤਗੁਰਿ ਮਿਲਿਐ ਉਲਟੀ ਭਈ ਕਹਣਾ ਕਿਛੁ ਨ ਜਾਇ॥
ਭਣਤਿ ਨਾਨਕੁ ਸਤਿਗੁਰ ਕਉ ਮਿਲਦੋ ਮਰੈ ਗੁਰ ਕੈ ਸਬਦਿ ਫਿਰਿ ਜੀਵੈ ਕੋਇ॥
ਮਮਤਾ ਕੀ ਮਲੁ ਉਤਰੈ ਇਹੁ ਮਨੁ ਹਛਾ ਹੋਇ॥ (੫੫੯)

ਪਰ ਸਤਿਗੁਰ ਇਹ ਨਹੀਂ ਦ੍ਰਿੜ੍ਹਾਂਦੇ ਕਿ ਕਿਰਿਆ (ਅਚਟਵਿਟੇ) ਛੱਡ ਦਿਓ। ਕਿਰਿਆ ਤੋਂ ਉਪਜੇ ਕਰਮ ਤਿੰਨਾਂ ਅਧਾਰਾਂ ਤੇ ਹੋ ਸਕਦੇ ਹਨ:

੧. ਹਉ ਦੇ ਆਸਰੇ

੨. ਰਹਿਤ ਵਜੋਂ। ਇਨ੍ਹਾਂ ਕਰਮਾਂ ਦਾ ਭਾਵ ਆਪਣੇ ਅੰਤਰ ਆਤਮੇ ਖ਼ਾਸ ਲੀਹਾਂ ਪਾਉਣਾ ਹੈ। ਅਉਗਣ ਕੱਟਣੇ ਅਤੇ ਗੁਣ ਪੈਦਾ ਕਰਨੇ ਇਹ ਮਨੋਰਥ ਹੈ। ਕਰਮ ਕਰਦਾ ਹੋਇਆ ਮਨੁੱਖ ਬਿਫਰਦਾ ਨਹੀਂ ਸਗੋਂ ਅੰਤ੍ਰੀਵ ਤਬਦੀਲੀ ਨੂੰ ਪੈਦਾ ਕਰਨ ਦਾ ਚਾਹਵਾਨ ਹੁੰਦਾ ਹੈ। ਅਜਿਹੇ ਕਰਮਾਂ ਵਿੱਚ ਰਹਿਤ ਰਾਹੀਂ ਸਤਿਗੁਰ ਆਪ ਸਿੱਖ ਨੂੰ ਲਾਂਦੇ ਹਨ। ਇਹ ਕਰਮ ਮਨੁੱਖ ਦੀ ਮਨਮੱਤ ਤੋਂ ਨਹੀਂ ਉਪਜਦੇ ਸਗੋਂ ਇੰਨ੍ਹਾਂ ਦਾ ਆਧਾਰ ਗੁਰ ਸ਼ਬਦ ਹੈ ਅਰਥਾਤ ਗੁਰੂ ਦਾ ਹੁਕਮ ਹੈ। ਭਾਵੇਂ ਪੁਰਖ ਆਪਣੇ ਆਪ ਨੂੰ ਸੰਵਾਰਨ ਦਾ ਕਿਤਨਾ ਹੀ ਯਤਨ ਕਰੇ ਜਦ ਤੱਕ ਅਪਣੱਤ ਕਾਇਮ ਹੈ ਹਉਮੈ ਦਾ ਨਾਸ ਨਹੀਂ ਹੁੰਦਾ। ਪਰ ਜਦੋਂ ਮਨੁੱਖ ਦੂਜੇ ਦੇ ਹੁਕਮ ਵਿੱਚ ਤੁਰਨ ਲੱਗ ਪੈਂਦਾ ਹੈ ਤਦੋਂ ਦੂਜੇ ਦੀ ਤਬੀਅਤ ਦਾ ਰੰਗ ਉਸ ਉੱਪਰ ਚੜ੍ਹਨ ਲੱਗ ਪੈਂਦਾ ਹੈ। ਇਹ ਪ੍ਰਗਟ ਹੈ ਕਿ ਜਿਸ ਮਰਜ਼ੀ ਦੇ ਅਸਾਂ ਆਪਣੇ ਆਪ ਨੂੰ ਤਾਬਿਆ ਕਰਨਾ ਹੈ ਉਹ ਜ਼ਰੂਰ ਹਉਂ ਰਹਿਤ ਹੋਣੀ ਚਾਹੀਦੀ ਹੈ ਅਤੇ ਉਹ ਮਰਜ਼ੀ ਸਤਿਗੁਰ ਦੀ ਹੈ ਜਿਸ ਦੇ ਵਿੱਚ ਹਉਮੈ ਦੀ ਮੈਲ ਨਹੀਂ। ਜਦੋਂ ਸਿੱਖ ਆਪਣੇ ਆਪ ਦਾ ਤਿਆਗ ਕਰ ਕੇ ਗੁਰੂ ਦੇ ਹੁਕਮ ਅਨੁਸਾਰ ਤੁਰਦਾ ਹੈ ਤਾਂ ਗੁਰਮਤਿ ਉਸਦੇ ਅੰਦਰ ਜਾਗਦੀ ਹੈ ਅਤੇ ਗੁਰੂ ਗਿਆਨ ਦਾ ਉਸ ਅੰਦਰ ਪ੍ਰਕਾਸ਼ ਹੁੰਦਾ ਹੈ। ਗੁਰੂ ਦੇ ਦੱਸੇ ਕਰਮ ਕਰਨੇ ਸਿੱਖ ਦਾ ਪਰਮ ਧਰਮ ਹੈ। ਜਿਸ ਤਰ੍ਹਾਂ ਸਿਪਾਹੀ ਨੂੰ ਕਵਾਇਦ ਪ੍ਰੇਡ ਸਿਖਾਉਣ ਦਾ ਸੁੱਖ ਪ੍ਰਯੋਜਨ ਇਹ ਹੈ ਕਿ ਬਿਨਾਂ ਹੀਲ ਹੁਜਤ ਉਸਦੇ ਅੰਦਰ ਆਪਣੇ ਅਫ਼ਸਰ ਦਾ ਹੁਕਮ ਮੰਨਣ ਦੀ ਆਦਤ ਪੈਦਾ ਹੋ ਜਾਵੇ ਇਸ ਤਰ੍ਹਾਂ ਸਿੱਖ ਗੁਰੂ ਹੁਕਮ ਵਿੱਚ ਤੁਰਦਾ ਹੋਇਆ ਅਪਣੱਤ ਦਾ ਨਾਸ ਕਰਦਾ ਹੈ।

੩. ਤੀਜੇ ਕਰਮ ਸੁਭਾਵ ਦਾ ਪ੍ਰਗਟ ਹੋਣਾ ਹੈ। ਜਿਵੇਂ ਸੋਮੇਂ ਵਿੱਚੋਂ ਸੁਤੇ ਸਿੱਧ ਪਾਣੀ ਨਿਕਲਦਾ ਹੈ, ਇਵੇਂ ਹੀ ਬ੍ਰਹਮ ਗਿਆਨੀ ਦੇ ਮਨ ਵਿੱਚੋਂ ਪਰਉਪਕਾਰ ਪ੍ਰਗਟ ਹੁੰਦਾ ਹੈ।

- ਬ੍ਰਹਮ ਗਿਆਨੀ ਪਰਉਪਕਾਰ ਉਮਾਹਾ॥ (੨੭੩)

ਇਹ ਕਰਮ ਸਹਿਜ ਵਿੱਚ ਹੁੰਦੇ ਹਨ। ਸ਼ੁਭ ਗੁਣਾਂ ਦੇ ਸੋਮੇ ਮਨੁੱਖ ਅੰਦਰ ਫੁੱਟ ਪੈਂਦੇ ਹਨ ਅਤੇ ਨਿਰਯਤਨ ਹੀ ਉਹ ਦੂਜਿਆਂ ਦੇ ਭਲੇ ਵਿੱਚ ਲਗਾ ਰਹਿੰਦਾ ਹੈ। ਇਸ ਲਈ ਜਿਹੜੇ ਕਰਮ ਸੁਭਾਅ ਦੇ ਬਦਲਣ ਲਈ ਸਹਾਈ ਨਹੀਂ ਹੁੰਦੇ ਉਹ ਗੁਰਮਤਿ ਵਿੱਚ ਨਿਸਫ਼ਲ ਦੱਸੇ ਹਨ। ਦੂਜੇ ਕਰਮ ਤਦ ਸਫ਼ਲ ਹਨ ਜਦੋਂ ਮਨ ਦੇ ਮਾਰਨ ਵਿੱਚ ਸਹਾਈ ਹੋਣ ਨਹੀਂ ਤਾਂ ਉਹ ਵੀ ਅਜਾਈਂ ਜਾਂਦੇ ਹਨ।

- ਕੋਟਿ ਕਰਮ ਕਰੈ ਹਉ ਧਾਰੇ॥ ਸ੍ਰਮੁ ਪਾਵੈ ਸਗਲੇ ਬਿਰਥਾਰੇ॥ (੨੭੮)

ਹੁਣ ਰਿਹਾ ਆਪਣੇ ਸਰੂਪ ਦਾ ਗਿਆਨ। ਗੁਰਮਤਿ ਵਿੱਚ ਨਿਰਾ ਇਹੋ ਹੀ ਕਾਫ਼ੀ ਨਹੀਂ। ਇਹ ਜ਼ਰੂਰੀ ਕਦਮ ਉਸ ਰਸਤੇ ਵਿੱਚ ਹੈ ਪਰ

- ਪ੍ਰਣਵਤਿ ਨਾਨਕ ਗਿਆਨੀ ਕੈਸਾ ਹੋਇ॥ ਆਪੁ ਪਛਾਣੈ ਬੂਝੈ ਸੋਇ॥
ਗੁਰ ਪਰਸਾਦਿ ਕਰੇ ਬੀਚਾਰੁ॥ ਸੋ ਗਿਆਨੀ ਦਰਗਹ ਪਰਵਾਣੁ॥ (੨੫)

ਆਪਣੇ ਸਰੂਪ ਨੂੰ ਪਛਾਣ ਕੇ ਫਿਰ ਨਿਰੰਕਾਰ ਨੂੰ ਬੁੱਝਣਾ ਹੈ ਨਹੀਂ ਤਾਂ ਪਰਮ ਪਦ ਹਾਸਲ ਨਹੀਂ ਹੋਣਾ। ਨਿਰੰਕਾਰ ਦਾ ਗਿਆਨ ਕੀ ਹੈ? ਉਸਦੀ ਸ਼ਕਲ ਤਾਂ ਕੋਈ ਹੈ ਨਹੀਂ, ਨਾ ਹੀ ਉਸਦੀ ਹੋਂਦ ਸੋਚ ਦਾ ਵਿਸ਼ਾ ਬਣ ਸਕਦੀ ਹੈ। ਉਸਦੀ ਹੋਂਦ ਦਾ ਪੱਕਾ ਨਿਸ਼ਚਾ ਹੋ ਜਾਣਾ ਤੇ ਉਸਦੀ ਹੋਂਦ ਨੂੰ ਅੰਤਰ ਆਤਮੇ ਹਰ ਦਮ ਅਨੁਭਵ ਕਰਨਾ ਇਹੋ ਹੀ ਉਸਦਾ ਗਿਆਨ ਹੈ।

- ਜਾ ਕੈ ਰਿਦੈ ਬਿਸ੍ਵਾਸੁ ਪ੍ਰਭ ਆਇਆ॥ ਤਤੁ ਗਿਆਨੁ ਤਿਸੁ ਮਨਿ ਪ੍ਰਗਟਾਇਆ॥ (੨੮੫)

ਇਸ ਗਿਆਨ ਦੇ ਹਾਸਲ ਕਰਨ ਦਾ ਤਰੀਕਾ ਨਾਮ ਹੈ।

- ਨਾਮ ਸੰਗਿ ਜਿਸ ਕਾ ਮਨੁ ਮਾਨਿਆ॥ ਨਾਨਕ ਤਿਨਹਿ ਨਿਰੰਜਨੁ ਜਾਨਿਆ॥ (੨੮੧)

ਇਸ ਲਈ ਆਪਾ ਪਛਾਣ ਕੇ ਨਾਮ ਵਿੱਚ ਲਿਵ ਲਾਵੇ।

- ਗੁਰਮੁਖਿ ਆਪੁ ਪਛਾਣੈ ਸੰਤਹੁ ਰਾਮ ਨਾਮਿ ਲਿਵ ਲਈ॥ (੯੧੦)

- ਆਪੁ ਪਛਾਨਿ ਰਹੈ ਲਿਵ ਲਾਗਾ॥ ਜਨਮੁ ਜੀਤਿ ਗੁਰਮਤਿ ਦੁਖੁ ਭਾਗਾ॥ (੧੧੮੯)

- ਬਾਘੁ ਮਰੈ ਮਨੁ ਮਾਰੀਐ ਜਿਸੁ ਸਤਿਗੁਰ ਦੀਖਿਆ ਹੋਇ॥
ਆਪੁ ਪਛਾਣੈ ਹਰਿ ਮਿਲੈ ਬਹੁੜਿ ਨ ਮਰਣਾ ਹੋਇ॥ (੧੪੧੦)

- ਸਾਚੀ ਲਿਵੈ ਬਿਨੁ ਦੇਹ ਨਿਮਾਣੀ॥ ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ॥
ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ॥
ਏਸ ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ॥
ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ॥ (੯੧੭)

- ਇਉ ਰਤਨ ਜਨਮ ਕਾ ਹੋਇ ਉਧਾਰੁ॥ ਹਰਿ ਹਰਿ ਸਿਮਰਿ ਪ੍ਰਾਨ ਆਧਾਰੁ॥ (੨੮੮)

ਇਸ ਲਈ ਨਿਰਾ ਆਪੇ ਦਾ ਗਿਆਨ ਗੁਰਮਤਿ ਅਨੁਸਾਰ ਸਦਾ ਦਾ ਗਿਆਨ ਨਹੀਂ ਦਿੰਦਾ। ਆਪਾ ਪਛਾਣ ਕੇ ਨਿਰੰਕਾਰ ਵਿੱਚ ਲਿਵ ਲਾਵੇ। ਜਿਹੜੇ ਤਾਂ ਇਹ ਮੰਨਦੇ ਹਨ ਕਿ ਸੰਸਾਰ ਪ੍ਰਕਿਰਤੀ ਜਾਂ ਮਾਇਆ ਦਾ ਕਾਰਜ ਹੈ, ਉਨ੍ਹਾਂ ਲਈ ਇਹ ਜ਼ਰੂਰੀ ਹੈ ਕਿ ਕਾਰਨ (ਮਾਇਆ) ਦੇ ਫੰਦੇ ਵਿੱਚੋਂ ਨਿਕਲਣ ਲਈ ਕਾਰਜ (ਸੰਸਾਰ) ਦੇ ਫੰਦੇ ਵਿੱਚੋਂ ਵੀ ਨਿਕਲਣ। ਪਰ ਜੋ ਸੰਸਾਰ ਨੂੰ ਹੁਕਮ ਦੀ ਖੇਡ ਮੰਨਦੇ ਹਨ ਉਹ ਇਸ ਮਾਇਆ (ਕਾਰਜ) ਦੇ ਮਗਰ ਨਿਰੰਕਾਰ ਦਾ ਹੁਕਮ ਅਤੇ ਉਸਦੀ ਜੋਤਿ ਵੇਖਦੇ ਹਨ। ਉਹ ਕੁਦਰਤ ਨੂੰ ਕਸੌਟੀ ਜਾਣ ਕੇ ਇਸ ਤੋਂ ਨੱਠਦੇ ਨਹੀਂ। ਉਹ ਕੁਦਰਤ ਵਿੱਚ ਕਾਦਰ ਦਾ ਜਲਵਾ ਵੇਖ ਪ੍ਰਸੰਨ ਹੁੰਦੇ ਹਨ। ਉਹ "ਬਲਿਹਾਰੀ ਕੁਦਰਤਿ ਵਸਿਆ" ਨੂੰ ਪੂਜਦੇ ਹਨ ਅਤੇ:

– ਸੋ ਅੰਤਰਿ ਸੋ ਬਾਹਰਿ ਅਨੰਤ॥ ਘਟਿ ਘਟਿ ਬਿਆਪਿ ਰਹਿਆ ਭਗਵੰਤ॥
ਧਰਨਿ ਮਾਹਿ ਆਕਾਸ ਪਇਆਲ॥ ਸਰਬ ਲੋਕ ਪੂਰਨ ਪ੍ਰਤਿਪਾਲ॥
ਬਨਿ ਤਿਨਿ ਪਰਬਤਿ ਹੈ ਪਾਰਬ੍ਰਹਮੁ॥ ਜੈਸੀ ਆਗਿਆ ਤੈਸਾ ਕਰਮੁ॥
ਪਉਣ ਪਾਣੀ ਬੈਸੰਤਰ ਮਾਹਿ॥ ਚਾਰਿ ਕੁੰਟ ਦਹ ਦਿਸੇ ਸਮਾਹਿ॥
ਤਿਸ ਤੇ ਭਿੰਨ ਨਹੀ ਕੋ ਠਾਉ॥ ਗੁਰ ਪ੍ਰਸਾਦਿ ਨਾਨਕ ਸੁਖੁ ਪਾਉ॥ (੨੯੩)

ਸਰਬ ਥਾਂਈ ਉਸਦੀ ਜੋਤ ਵੇਖ ਕੇ ਸੁੱਖੀ ਹੁੰਦੇ ਹਨ।

– ਜੋ ਰਤੇ ਸਹਿ ਆਪਣੈ ਤਿਨ ਭਾਵੈ ਸਭੁ ਕੋਇ॥ (੫੫੭)

ਸਭ ਨਾਲ ਪਿਆਰ ਕਰਦੇ ਹਨ। ਇਸ ਲਈ ਸਤਿਗੁਰਾਂ ਨੇ ਗ੍ਰਿਹਸਥ ਜਾਂ ਕਾਰ ਵਿਹਾਰ ਦਾ ਤਿਆਗ ਨਹੀਂ ਦੱਸਿਆ ਸਗੋਂ ਘਰ ਵਿੱਚ ਰਹਿ ਕੇ ਨਾਮ ਸਿਮਰਨ ਅਤੇ ਸੱਚ ਕਮਾਉਣ ਨਾਲ ਪਰਮ ਪਦ ਦੀ ਪ੍ਰਾਪਤੀ ਦੱਸੀ ਹੈ।

– ਸਚਿ ਸਿਮਰਿਐ ਹੋਵੈ ਪਰਗਾਸੁ॥ ਤਾ ਤੇ ਬਿਖਿਆ ਮਹਿ ਰਹੈ ਉਦਾਸੁ॥
ਸਤਿਗੁਰ ਕੀ ਐਸੀ ਵਡਿਆਈ॥ ਪੁਤ੍ਰ ਕਲਤ੍ਰ ਵਿਚੇ ਗਤਿ ਪਾਈ॥ (੬੬੧)

– ਨਾਨਕ ਸਤਿਗੁਰਿ ਭੇਟਿਐ ਪੂਰੀ ਹੋਵੈ ਜੁਗਤਿ॥
ਹਸੰਦਿਆ ਖੇਲੰਦਿਆ ਪੈਨੰਦਿਆ ਖਾਵੰਦਿਆ ਵਿਚੇ ਹੋਵੈ ਮੁਕਤਿ॥ (੫੨੨)

– ਤਿਨ ਕਾ ਖਾਧਾ ਪੈਧਾ ਮਾਇਆ ਸਭੁ ਪਵਿਤੁ ਹੈ ਜੋ ਨਾਮਿ ਹਰਿ ਰਾਤੇ॥
ਤਿਨ ਕੇ ਘਰ ਮੰਦਰ ਮਹਲ ਸਰਾਈ ਸਭਿ ਪਵਿਤੁ ਹਹਿ
ਜਿਨੀ ਗੁਰਮੁਖਿ ਸੇਵਕ ਸਿਖ ਅਭਿਆਗਤ ਜਾਇ ਵਰਸਾਤੇ॥
ਤਿਨ ਕੇ ਤੁਰੇ ਜੀਨ ਖੁਰਗੀਰ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸਿਖ ਸਾਧ ਸੰਤ ਚੜਿ ਜਾਤੇ॥
ਤਿਨ ਕੇ ਕਰਮ ਧਰਮ ਕਾਰਜ ਸਭਿ ਪਵਿਤੁ ਹਹਿ ਜੋ ਬੋਲਹਿ ਹਰਿ ਹਰਿ ਰਾਮ ਨਾਮੁ ਹਰਿ ਸਾਤੇ॥
ਜਿਨ ਕੈ ਪੋਤੈ ਪੁੰਨੁ ਹੈ ਸੇ ਗੁਰਮੁਖਿ ਸਿਖ ਗੁਰੂ ਪਹਿ ਜਾਤੇ॥ (੬੪੮)

– ਗੁਰਮੁਖਿ ਸਭ ਪਵਿਤੁ ਹੈ ਧਨੁ ਸੰਪੈ ਮਾਇਆ॥ ਹਰਿ ਅਰਥਿ ਜੋ ਖਰਚਦੇ ਦੇਂਦੇ ਸੁਖੁ ਪਾਇਆ॥ (੧੨੪੬)

ਸਿੱਖ ਸੰਪਦਾ ਨੂੰ ਅਮਾਨਤ ਸਮਝਦੇ ਹਨ ਅਤੇ ਹੁਕਮ ਅਨੁਸਾਰ ਵਰਤਦੇ ਹਨ।

– ਜਿਸ ਕੀ ਤਿਸ ਕੀ ਕਰਿ ਮਾਨੁ॥ ਆਪਨ ਲਾਹਿ ਗੁਮਾਨੁ॥ (੮੯੬)

– ਹਉ ਜਾਇ ਪੁਛਾ ਸੋਹਾਗ ਸੁਹਾਗਣਿ ਤੁਸੀ ਕਿਉ ਪਿਰੁ ਪਾਇਅੜਾ ਪ੍ਰਭੁ ਮੇਰਾ॥
ਮੈ ਊਪਰਿ ਨਦਰਿ ਕਰੀ ਪਿਰਿ ਸਾਚੈ ਮੈ ਛੋਡਿਅੜਾ ਮੇਰਾ ਤੇਰਾ॥
ਸਭੁ ਮਨੁ ਤਨੁ ਜੀਉ ਕਰਹੁ ਹਰਿ ਪ੍ਰਭ ਕਾ ਇਤੁ ਮਾਰਗਿ ਭੈਣੇ ਮਿਲੀਐ॥
ਆਪਨੜਾ ਪ੍ਰਭੁ ਨਦਰਿ ਕਰਿ ਦੇਖੈ ਨਾਨਕ ਜੋਤਿ ਜੋਤੀ ਰਲੀਐ॥ (੫੬੧)

– ਸਤਿਗੁਰਿ ਮੋ ਕਉ ਦੀਆ ਉਪਦੇਸੁ॥ ਜੀਉ ਪਿੰਡੁ ਸਭੁ ਹਰਿ ਕਾ ਦੇਸੁ॥ (੩੭੧)

– ਰਹੈ ਅਤੀਤੁ ਜਾਣੈ ਸਭੁ ਤਿਸ ਕਾ॥ ਤਨੁ ਮਨੁ ਅਰਪੈ ਹੈ ਇਹੁ ਜਿਸ ਕਾ॥
ਨਾ ਓਹੁ ਆਵੈ ਨਾ ਓਹੁ ਜਾਇ॥ ਨਾਨਕ ਸਾਚੇ ਸਾਚਿ ਸਮਾਇ॥ (੯੩੨)

ਅਮਾਨਤ ਸਮਝ ਕੇ ਹੁਕਮ ਵਿੱਚ ਵਰਤਣਾ ਹੀ ਉਨ੍ਹਾਂ ਦਾ ਤਿਆਗ ਹੈ। ਹੁਣ ਪਰਮ ਪਦ ਦੀ ਪ੍ਰਾਪਤੀ ਦਾ ਰਾਹ ਕੀ ਹੈ? ਹਉਮੈ ਦਾ ਨਾਸ ਅਤੇ ਫਿਰ ਨਾਮ ਵਿੱਚ ਲਿਵ ਲਾਉਣੀ। ਹਉਮੈ ਦੇ ਨਾਸ ਲਈ ਗੁਰੂ ਦੇ ਹੁਕਮ ਵਿੱਚ ਤੁਰਨਾ ਅਤੇ ਨਿਰੰਕਾਰ ਦੇ ਗੁਣ ਗਾਉਣੇ ਜ਼ਰੂਰੀ ਹਨ। ਦੋ ਹੀ ਰਸਤੇ ਹਨ, ਗੁਰਮੁਖਤਾ ਅਤੇ ਮਨਮੁਖਤਾ। ਮਨਮੁਖ ਮਨ ਦੇ ਮਗਰ ਭਜਦਾ ਫਿਰਦਾ ਹੈ ਅਤੇ ਗੁਰਮੁਖ ਗੁਰੂ ਦੇ ਸ਼ਬਦ ਤੇ ਤੁਰ ਕੇ ਮਨ ਨੂੰ ਮਾਰਦਾ ਹੈ।

– ਮਨਮੁਖੁ ਲੋਕੁ ਸਮਝਾਈਐ ਕਦਹੁ ਸਮਝਾਇਆ ਜਾਇ॥ਮਨਮੁਖੁ ਰਲਾਇਆ ਨਾ ਰਲੈ ਪਇਐ ਕਿਰਤਿ ਫਿਰਾਇ॥
ਲਿਵ ਧਾਤੁ ਦੁਇ ਰਾਹ ਹੈ ਹੁਕਮੀ ਕਾਰ ਕਮਾਇ॥ ਗੁਰਮੁਖਿ ਆਪਣਾ ਮਨੁ ਮਾਰਿਆ ਸਬਦਿ ਕਸਵਟੀ ਲਾਇ॥
ਮਨ ਹੀ ਨਾਲਿ ਝਗੜਾ ਮਨ ਹੀ ਨਾਲਿ ਸਥ ਮਨ ਹੀ ਮੰਝਿ ਸਮਾਇ॥
ਮਨੁ ਜੋ ਇਛੇ ਸੋ ਲਹੈ ਸਚੈ ਸਬਦਿ ਸੁਭਾਇ॥ ਅੰਮ੍ਰਿਤ ਨਾਮੁ ਸਦ ਭੁੰਚੀਐ ਗੁਰਮੁਖਿ ਕਾਰ ਕਮਾਇ॥
ਵਿਣੁ ਮਨੈ ਜਿ ਹੋਰੀ ਨਾਲਿ ਲੁਝਣਾ ਜਾਸੀ ਜਨਮੁ ਗਵਾਇ॥ ਮਨਮੁਖੀ ਮਨਹਠਿ ਹਾਰਿਆ ਕੂੜੁ ਕੁਸਤੁ ਕਮਾਇ॥
ਗੁਰ ਪਰਸਾਦੀ ਮਨੁ ਜਿਣੈ ਹਰਿ ਸੇਤੀ ਲਿਵ ਲਾਇ॥ਨਾਨਕ ਗੁਰਮੁਖਿ ਸਚੁ ਕਮਾਵੈ ਮਨਮੁਖਿ ਆਵੈ ਜਾਇ॥ (੮੭)

ਜਦ ਤੱਕ ਮਨ ਨਹੀਂ ਮਰਦਾ ਸੁੱਖ ਪ੍ਰਾਪਤ ਨਹੀਂ ਹੋ ਸਕਦਾ।

– ਮਨਮੁਖ ਮੰਨੁ ਅਜਿਤੁ ਹੈ ਦੂਜੈ ਲਗੈ ਜਾਇ॥ ਤਿਸ ਨੋ ਸੁਖੁ ਸੁਪਨੈ ਨਹੀ ਦੁਖੇ ਦੁਖਿ ਵਿਹਾਇ॥
ਘਰਿ ਘਰਿ ਪੜਿ ਪੜਿ ਪੰਡਿਤ ਥਕੇ ਸਿਧ ਸਮਾਧਿ ਲਗਾਇ॥
ਇਹੁ ਮਨੁ ਵਸਿ ਨ ਆਵਈ ਥਕੇ ਕਰਮ ਕਮਾਇ॥ ਭੇਖਧਾਰੀ ਭੇਖ ਕਰਿ ਥਕੇ ਅਠਿਸਠਿ ਤੀਰਥ ਨਾਇ॥
ਮਨ ਕੀ ਸਾਰ ਨ ਜਾਣਨੀ ਹਉਮੈ ਭਰਮਿ ਭੁਲਾਇ॥
ਗੁਰ ਪਰਸਾਦੀ ਭਉ ਪਇਆ ਵਡਭਾਗਿ ਵਸਿਆ ਮਨਿ ਆਇ॥
ਭੈ ਪਇਐ ਮਨੁ ਵਸਿ ਹੋਆ ਹਉਮੈ ਸਬਦਿ ਜਲਾਇ॥ ਸਚਿ ਰਤੇ ਸੇ ਨਿਰਮਲੇ ਜੋਤੀ ਜੋਤਿ ਮਿਲਾਇ॥
ਸਤਿਗੁਰਿ ਮਿਲਿਐ ਨਾਉ ਪਾਇਆ ਨਾਨਕ ਸੁਖਿ ਸਮਾਇ॥ (੬੪੪)

– ਜਗਿ ਹਉਮੈ ਮੈਲੁ ਦੁਖੁ ਪਾਇਆ ਮਲੁ ਲਾਗੀ ਦੂਜੈ ਭਾਇ॥
ਮਲੁ ਹਉਮੈ ਧੋਤੀ ਕਿਵੈ ਨ ਉਤਰੈ ਜੇ ਸਉ ਤੀਰਥ ਨਾਇ॥
ਬਹੁ ਬਿਧਿ ਕਰਮ ਕਮਾਵਦੇ ਦੂਣੀ ਮਲੁ ਲਾਗੀ ਆਇ॥ ਪੜਿਐ ਮੈਲੁ ਨ ਉਤਰੈ ਪੂਛਹੁ ਗਿਆਨੀਆ ਜਾਇ॥
ਮਨ ਮੇਰੇ ਗੁਰ ਸਰਣਿ ਆਵੈ ਤਾ ਨਿਰਮਲੁ ਹੋਇ॥ ਮਨਮੁਖ ਹਰਿ ਹਰਿ ਕਰਿ ਥਕੇ ਮੈਲੁ ਨ ਸਕੀ ਧੋਇ॥ (੩੯)

ਦੂਜੇ ਲੋਕਾਂ ਤੋਂ ਨਫ਼ਰਤ ਦੀ ਲੋੜ ਨਹੀਂ ਕਿਉਂਕਿ ਦੂਜੇ ਲੋਕ ਸਾਡੇ ਦੁੱਖਾਂ ਦਾ ਕਾਰਨ ਨਹੀਂ। ਦੁੱਖ ਦੀ ਜੜ੍ਹ ਸਾਡੇ ਅੰਦਰ ਹੈ।

– ਰੋਸੁ ਨ ਕਾਹੂ ਸੰਗ ਕਰਹੁ ਆਪਨ ਆਪੁ ਬੀਚਾਰਿ॥
ਹੋਇ ਨਿਮਾਨਾ ਜਗਿ ਰਹਹੁ ਨਾਨਕ ਨਦਰੀ ਪਾਰਿ॥ਪਉੜੀ॥
ਰਾਰਾ ਰੇਨ ਹੋਤ ਸਭ ਜਾ ਕੀ॥ ਤਜਿ ਅਭਿਮਾਨੁ ਛੂਟੈ ਤੇਰੀ ਬਾਕੀ॥
ਰਣਿ ਦਰਗਹਿ ਤਉ ਸੀਝਹਿ ਭਾਈ॥ ਜਉ ਗੁਰਮੁਖਿ ਰਾਮ ਨਾਮ ਲਿਵ ਲਾਈ॥
ਰਹਤ ਰਹਤ ਰਹਿ ਜਾਹਿ ਬਿਕਾਰਾ ਗੁਰ ਪੂਰੇ ਕੈ ਸਬਦਿ ਅਪਾਰਾ॥
ਰਾਤੇ ਰੰਗ ਨਾਮ ਰਸ ਮਾਤੇ॥ ਨਾਨਕ ਹਰਿ ਗੁਰ ਕੀਨੀ ਦਾਤੇ॥ (੨੫੯)

– ਬੀਰਾ ਆਪਨ ਬੁਰਾ ਮਿਟਾਵੈ॥ ਤਾਹੂ ਬੁਰਾ ਨਿਕਟਿ ਨਹੀ ਆਵੈ॥
ਬਾਧਿਓ ਆਪਨ ਹਉ ਹਉ ਬੰਧਾ॥ ਦੋਸੁ ਦੇਤ ਆਗਹ ਕਉ ਅੰਧਾ॥ (੨੫੮)

– ਫਾਹੇ ਕਾਟੇ ਮਿਟੇ ਗਵਨ ਫਤਿਹ ਭਈ ਮਨਿ ਜੀਤ॥
ਨਾਨਕ ਗੁਰ ਤੇ ਥਿਤ ਪਾਈ ਫਿਰਨ ਮਿਟੇ ਨਿਤ ਨੀਤ॥ (੨੫੮)

ਇਸ ਲਈ ਦੁੱਖ ਦੀ ਜੜ੍ਹ ਅੰਦਰੋਂ ਕੱਟਣੀ ਚਾਹੀਦੀ ਹੈ। ਬਿਨਾਂ ਜੜ੍ਹ ਨੂੰ ਕੱਟੇ ਅਥਵਾ ਮਨ ਮਾਰੇ ਵਿੱਦਿਆ ਪੜ੍ਹਨੀ ਅਥਵਾ ਧਾਰਮਿਕ ਪੁਸਤਕਾਂ ਦਾ ਪੜ੍ਹਨਾ ਬਿਰਥਾ ਹੈ।

– ਪੜਣਾ ਗੁੜਣਾ ਸੰਸਾਰ ਕੀ ਕਾਰ ਹੈ ਅੰਦਰਿ ਤ੍ਰਿਸਨਾ ਵਿਕਾਰੁ॥
ਹਉਮੈ ਵਿਚਿ ਸਭਿ ਪੜਿ ਥਕੇ ਦੂਜੈ ਭਾਇ ਖੁਆਰੁ॥
ਸੋ ਪੜਿਆ ਸੋ ਪੰਡਿਤੁ ਬੀਨਾ ਗੁਰ ਸਬਦਿ ਕਰੇ ਵੀਚਾਰੁ॥ ਅੰਦਰੁ ਖੋਜੈ ਤਤੁ ਲਹੈ ਪਾਏ ਮੋਖ ਦੁਆਰੁ॥
ਗੁਣ ਨਿਧਾਨੁ ਹਰਿ ਪਾਇਆ ਸਹਜਿ ਕਰੇ ਵੀਚਾਰੁ॥
ਧੰਨੁ ਵਾਪਾਰੀ ਨਾਨਕਾ ਜਿਸੁ ਗੁਰਮੁਖਿ ਨਾਮੁ ਅਧਾਰੁ॥ (੬੫੦)

– ਪੰਡਿਤ ਮੈਲੁ ਨ ਚੁਕਈ ਜੇ ਵੇਦ ਪੜੈ ਜੁਗ ਚਾਰਿ॥ ਤ੍ਰੈ ਗੁਣ ਮਾਇਆ ਮੂਲੁ ਹੈ ਵਿਚਿ ਹਉਮੈ ਨਾਮੁ ਵਿਸਾਰਿ॥
ਪੰਡਿਤ ਭੂਲੇ ਦੂਜੈ ਲਾਗੇ ਮਾਇਆ ਕੈ ਵਾਪਾਰਿ॥ ਅੰਤਰਿ ਤ੍ਰਿਸਨਾ ਭੂਖ ਹੈ ਮੂਰਖ ਭੂਖਿਆ ਮੁਏ ਗਵਾਰ॥
ਸਤਿਗੁਰਿ ਸੇਵਿਐ ਸੁਖੁ ਪਾਇਆ ਸਚੈ ਸਬਦਿ ਵੀਚਾਰਿ॥ ਅੰਦਰਹੁ ਤ੍ਰਿਸਨਾ ਭੂਖ ਗਈ ਸਚੈ ਨਾਇ ਪਿਆਰਿ॥
ਨਾਨਕ ਨਾਮਿ ਰਤੇ ਸਹਜੇ ਰਜੇ ਜਿਨਾ ਹਰਿ ਰਖਿਆ ਉਰਿ ਧਾਰਿ॥ (੬੪੭)

ਬੁੱਧੀ ਤੇਜ਼ ਕਰਨ ਨਾਲ ਕੁਝ ਨਹੀਂ ਬਣਦਾ। ਕਰਮ ਤਾਂ ਮਨੁੱਖ ਆਪਣੇ ਸੁਭਾਅ ਦੇ ਆਸਰੇ ਕਰਦਾ ਹੈ ਇਸ ਲਈ ਜਦ ਤੱਕ ਸੁਭਾਅ ਨਾ ਬਦਲੇ ਤੇਜ਼ ਬੁੱਧੀ ਨੂੰ ਮਨ ਪਾਪਾਂ ਲਈ ਹੀ ਵਰਤੇਗਾ।

– ਮਨ ਕਾ ਕਹਿਆ ਮਨਸਾ ਕਰੈ॥ ਇਹੁ ਮਨੁ ਪੁੰਨੁ ਪਾਪੁ ਉਚਰੈ॥
ਮਾਇਆ ਮਦਿ ਮਾਤੇ ਤ੍ਰਿਪਤਿ ਨ ਆਵੈ॥ ਤ੍ਰਿਪਤਿ ਮੁਕਤਿ ਮਨਿ ਸਾਚਾ ਭਾਵੈ॥ (੯੩੨)

ਫਿਰ ਮਨ ਮਰੇ ਕਿਸ ਤਰ੍ਹਾਂ?

– ਕਿਉ ਕਰਿ ਇਹੁ ਮਨੁ ਮਾਰੀਐ ਕਿਉ ਕਰਿ ਮਿਰਤਕੁ ਹੋਇ॥
ਕਹਿਆ ਸਬਦੁ ਨ ਮਾਨਈ ਹਉਮੈ ਛਡੈ ਨ ਕੋਇ॥
ਗੁਰ ਪਰਸਾਦੀ ਹਉਮੈ ਛੁਟੈ ਜੀਵਨ ਮੁਕਤੁ ਸੋ ਹੋਇ॥
ਨਾਨਕ ਜਿਸ ਨੋ ਬਖਸੇ ਤਿਸੁ ਮਿਲੈ ਤਿਸੁ ਬਿਘਨੁ ਨ ਲਾਗੈ ਕੋਇ॥ਮਃ ੩॥
ਜੀਵਤ ਮਰਣਾ ਸਭੁ ਕੋ ਕਹੈ ਜੀਵਨ ਮੁਕਤਿ ਕਿਉ ਹੋਇ॥
ਭੈ ਕਾ ਸੰਜਮੁ ਜੇ ਕਰੇ ਦਾਰੂ ਭਾਉ ਲਾਏਇ॥
ਅਨਦਿਨੁ ਗੁਣ ਗਾਵੈ ਸੁਖ ਸਹਜੇ ਬਿਖੁ ਭਵਜਲੁ ਨਾਮਿ ਤਰੇਇ॥
ਨਾਨਕ ਗੁਰਮੁਖਿ ਪਾਈਐ ਜਾ ਕਉ ਨਦਰਿ ਕਰੇਇ॥ (੯੪੮)

– ਆਠ ਪਹਰ ਪ੍ਰਭੁ ਅਪਨਾ ਧਿਆਈਐ ਗੁਰ ਪ੍ਰਸਾਦਿ ਭਉ ਤਰੀਐ॥
ਆਪੁ ਤਿਆਗਿ ਹੋਈਐ ਸਭ ਰੇਣਾ ਜੀਵਤਿਆ ਇਉ ਮਰੀਐ॥ (੭੫੦)

– ਹਉ ਪੂਛਉ ਅਪਨਾ ਸਤਿਗੁਰੁ ਦਾਤਾ ਕਿਨ ਬਿਧਿ ਦੁਤਰੁ ਤਰੀਐ ਰਾਮ॥
ਸਤਿਗੁਰ ਭਾਇ ਚਲਹੁ ਜੀਵਤਿਆ ਇਵ ਮਰੀਐ ਰਾਮ॥
ਜੀਵਤਿਆ ਮਰੀਐ ਭਉਜਲੁ ਤਰੀਐ ਗੁਰਮੁਖਿ ਨਾਮਿ ਸਮਾਵੈ॥

ਪੂਰਾ ਪੁਰਖੁ ਪਾਇਆ ਵਡਭਾਗੀ ਸਚਿ ਨਾਮਿ ਲਿਵ ਲਾਵੈ॥
ਮਤਿ ਪਰਗਾਸੁ ਭਈ ਮਨੁ ਮਾਨਿਆ ਰਾਮ ਨਾਮਿ ਵਡਿਆਈ॥
ਨਾਨਕ ਪ੍ਰਭੁ ਪਾਇਆ ਸਬਦਿ ਮਿਲਾਇਆ ਜੋਤੀ ਜੋਤਿ ਮਿਲਾਈ॥ (੭੭੫)

ਗੁਰੂ ਦੇ ਹੁਕਮ ਵਿੱਚ ਤੁਰਨ ਨਾਲ ਹੀ ਮਨ ਮਰਦਾ ਹੈ।

– ਮਨੁ ਕੁੰਚਰੁ ਕਾਇਆ ਉਦਿਆਨੈ॥ ਗੁਰੁ ਅੰਕਸੁ ਸਚੁ ਸਬਦੁ ਨੀਸਾਨੈ॥ ਰਾਜ ਦੁਆਰੈ ਸੋਭ ਸੁ ਮਾਨੈ॥
ਚਤੁਰਾਈ ਨਹ ਚੀਨਿਆ ਜਾਇ॥ ਬਿਨੁ ਮਾਰੇ ਕਿਉ ਕੀਮਤਿ ਪਾਇ॥ਰਹਾਉ॥
ਘਰ ਮਹਿ ਅੰਮ੍ਰਿਤੁ ਤਸਕਰੁ ਲੇਈ॥ ਨੰਨਾਕਾਰੁ ਨ ਕੋਇ ਕਰੇਈ॥ ਰਾਖੈ ਆਪਿ ਵਡਿਆਈ ਦੇਈ॥
ਨੀਲ ਅਨੀਲ ਅਗਨਿ ਇਕ ਠਾਈ॥ ਜਲਿ ਨਿਵਰੀ ਗੁਰਿ ਬੂਝ ਬੁਝਾਈ॥ ਮਨੁ ਦੇ ਲੀਆ ਰਹਸਿ ਗੁਣ ਗਾਈ॥
ਜੈਸਾ ਘਰਿ ਬਾਹਰਿ ਸੋ ਤੈਸਾ॥ ਬੈਸਿ ਗੁਫਾ ਮਹਿ ਆਖਉ ਕੈਸਾ॥ ਸਾਗਰਿ ਡੂਗਰਿ ਨਿਰਭਉ ਐਸਾ॥
ਮੂਏ ਕਉ ਕਹੁ ਮਾਰੇ ਕਉਨੁ॥ ਨਿਡਰੇ ਕਉ ਕੈਸਾ ਡਰੁ ਕਵਨੁ॥ ਸਬਦਿ ਪਛਾਨੈ ਤੀਨੇ ਭਉਨ॥
ਜਿਨਿ ਕਹਿਆ ਤਿਨਿ ਕਹਨੁ ਵਖਾਨਿਆ॥ ਜਿਨਿ ਬੂਝਿਆ ਤਿਨਿ ਸਹਜਿ ਪਛਾਨਿਆ॥
ਦੇਖਿ ਬੀਚਾਰਿ ਮੇਰਾ ਮਨੁ ਮਾਨਿਆ॥
ਕੀਰਤਿ ਸੂਰਤਿ ਮੁਕਤਿ ਇਕ ਨਾਈ॥ ਤਹੀ ਨਿਰੰਜਨੁ ਰਹਿਆ ਸਮਾਈ॥
ਨਿਜ ਘਰਿ ਬਿਆਪਿ ਰਹਿਆ ਨਿਜ ਠਾਈ॥
ਉਸਤਤਿ ਕਰਹਿ ਕੇਤੇ ਮੁਨਿ ਪ੍ਰੀਤਿ॥ ਤਨਿ ਮਨਿ ਸੂਚੈ ਸਾਚੁ ਸੁ ਚੀਤਿ॥ਨਾਨਕ ਹਰਿ ਭਜੁ ਨੀਤਾ ਨੀਤਿ॥ (੨੨੧)

– ਮਨੁ ਮੈਗਲੁ ਸਾਕਤੁ ਦੇਵਾਨਾ॥ ਬਨ ਖੰਡਿ ਮਾਇਆ ਮੋਹਿ ਹੈਰਾਨਾ॥
ਇਤ ਉਤ ਜਾਹਿ ਕਾਲ ਕੇ ਚਾਪੇ॥ ਗੁਰਮੁਖਿ ਖੋਜਿ ਲਹੈ ਘਰੁ ਆਪੇ॥
ਬਿਨੁ ਗੁਰ ਸਬਦੈ ਮਨੁ ਨਹੀ ਠਉਰਾ॥
ਸਿਮਰਹੁ ਰਾਮ ਨਾਮੁ ਅਤਿ ਨਿਰਮਲੁ ਅਵਰ ਤਿਆਗਹੁ ਹਉਮੈ ਕਉਰਾ॥ਰਹਾਉ॥ (੪੧੫)

– ਅੰਤਰਿ ਜੋਤਿ ਪਰਗਟੁ ਪਾਸਾਰਾ॥ ਗੁਰ ਸਾਖੀ ਮਿਟਿਆ ਅੰਧਿਆਰਾ॥
ਕਮਲੁ ਬਿਗਾਸਿ ਸਦਾ ਸੁਖੁ ਪਾਇਆ ਜੋਤੀ ਜੋਤਿ ਮਿਲਾਵਣਿਆ॥
ਅੰਦਰਿ ਮਹਲ ਰਤਨੀ ਭਰੇ ਭੰਡਾਰਾ॥ ਗੁਰਮੁਖਿ ਪਾਏ ਨਾਮੁ ਅਪਾਰਾ॥
ਗੁਰਮੁਖਿ ਵਣਜੇ ਸਦਾ ਵਾਪਾਰੀ ਲਾਹਾ ਨਾਮੁ ਸਦ ਪਾਵਣਿਆ॥ (੧੨੬)

– ਮਨੁ ਮਰੈ ਦਾਰੂ ਜਾਣੈ ਕੋਇ॥ ਮਨੁ ਸਬਦਿ ਮਰੈ ਬੂਝੈ ਜਨੁ ਸੋਇ॥
ਜਿਸ ਨੋ ਬਖਸੇ ਦੇ ਵਡਿਆਈ॥ ਗੁਰ ਪਰਸਾਦਿ ਹਰਿ ਵਸੈ ਮਨਿ ਆਈ॥ਰਹਾਉ॥
ਗੁਰਮੁਖਿ ਕਰਣੀ ਕਾਰ ਕਮਾਵੈ॥ ਤਾ ਇਸੁ ਮਨ ਕੀ ਸੋਝੀ ਪਾਵੈ॥
ਮਨੁ ਮੈ ਮਤੁ ਮੈਗਲ ਮਿਕਦਾਰਾ॥ ਗੁਰੁ ਅੰਕਸੁ ਮਾਰਿ ਜੀਵਾਲਣਹਾਰਾ॥
ਮਨੁ ਅਸਾਧੁ ਸਾਧੈ ਜਨੁ ਕੋਇ॥ ਅਚਰੁ ਚਰੈ ਤਾ ਨਿਰਮਲੁ ਹੋਇ॥
ਗੁਰਮੁਖਿ ਇਹੁ ਮਨੁ ਲਇਆ ਸਵਾਰਿ॥ ਹਉਮੈ ਵਿਚਹੁ ਤਜੇ ਵਿਕਾਰ॥
ਜੋ ਧੁਰਿ ਰਾਖਿਅਨੁ ਮੇਲਿ ਮਿਲਾਇ॥ ਕਦੇ ਨ ਵਿਛੁੜਹਿ ਸਬਦਿ ਸਮਾਇ॥
ਆਪਣੀ ਕਲਾ ਆਪੇ ਹੀ ਜਾਣੈ॥ ਨਾਨਕ ਗੁਰਮੁਖਿ ਨਾਮੁ ਪਛਾਣੈ॥ (੧੫੯)

– ਹੁਕਮੁ ਨ ਜਾਣੈ ਬਹੁਤਾ ਰੋਵੈ॥ ਅੰਦਰਿ ਧੋਖਾ ਨੀਦ ਨ ਸੋਵੈ॥
ਜੇ ਧਨ ਖਸਮੈ ਚਲੈ ਰਜਾਈ॥ ਦਰਿ ਘਰਿ ਸੋਭਾ ਮਹਲਿ ਬੁਲਾਈ॥
ਨਾਨਕ ਕਰਮੀ ਇਹ ਮਤਿ ਪਾਈ॥ ਗੁਰ ਪਰਸਾਦੀ ਸਚਿ ਸਮਾਈ॥ (੮੫)

ਜਦ ਤੱਕ ਗੁਰੂ ਸ਼ਬਦ ਦੁਆਰਾ ਅਉਗਣ ਨਹੀਂ ਮਿਟਦੇ ਤਦ ਤੱਕ ਨਾਮ ਦੀ ਪ੍ਰਾਪਤੀ ਨਹੀਂ ਹੁੰਦੀ।

– ਕਹੁ ਨਾਨਕ ਤਬ ਹੀ ਮਨ ਛੁਟੀਐ ਜਉ ਸਗਲੇ ਅਉਗਨ ਮੇਟਿ ਧਰਹਾ॥ (੧੨੦੩)

– ਮਨੁ ਮੈਲਾ ਸਚੁ ਨਿਰਮਲਾ ਕਿਉ ਕਰਿ ਮਿਲਿਆ ਜਾਇ॥
ਪ੍ਰਭੁ ਮੇਲੇ ਤਾ ਮਿਲਿ ਰਹੈ ਹਉਮੈ ਸਬਦਿ ਜਲਾਇ॥(੭੫੫)

– ਭਾਂਡਾ ਧੋਇ ਬੈਸਿ ਧੂਪੁ ਦੇਵਹੁ ਤਉ ਦੂਧੈ ਕਉ ਜਾਵਹੁ॥
ਦੂਧੁ ਕਰਮ ਫੁਨਿ ਸੁਰਤਿ ਸਮਾਇਨੁ ਹੋਇ ਨਿਰਾਸ ਜਮਾਵਹੁ॥
ਜਪਹੁ ਤ ਏਕੋ ਨਾਮਾ॥ ਅਵਰਿ ਨਿਰਾਫਲ ਕਾਮਾ॥ਰਹਾਉ॥
ਇਹੁ ਮਨੁ ਈਟੀ ਹਾਥਿ ਕਰਹੁ ਫੁਨਿ ਨੇੜਉ ਨੀਦ ਨ ਆਵੈ॥
ਰਸਨਾ ਨਾਮੁ ਜਪਹੁ ਤਬ ਮਥੀਐ ਇਨ ਬਿਧਿ ਅੰਮ੍ਰਿਤੁ ਪਾਵਹੁ॥
ਮਨੁ ਸੰਪਟੁ ਜਿਤੁ ਸਤ ਸਰਿ ਨਾਵਨੁ ਭਾਵਨ ਪਾਤੀ ਤ੍ਰਿਪਤਿ ਕਰੇ॥
ਪੂਜਾ ਪ੍ਰਾਣ ਸੇਵਕੁ ਜੇ ਸੇਵੇ ਇਨ੍ ਬਿਧਿ ਸਾਹਿਬੁ ਰਵਤੁ ਰਹੈ॥ (੭੨੮)

– ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ॥ ਜੇ ਗੁਣ ਹੋਵਨ੍ਹਿ ਸਾਜਨਾ ਮਿਲਿ ਸਾਝ ਕਰੀਜੈ॥
ਸਾਝ ਕਰੀਜੈ ਗੁਣਹ ਕੇਰੀ ਛੋਡਿ ਅਵਗਣ ਚਲੀਐ॥ ਪਹਿਰੇ ਪਟੰਬਰ ਕਰਿ ਅਡੰਬਰ ਆਪਣਾ ਪਿੜੁ ਮਲੀਐ॥
ਜਿਥੈ ਜਾਇ ਬਹੀਐ ਭਲਾ ਕਹੀਐ ਝੋਲਿ ਅੰਮ੍ਰਿਤੁ ਪੀਜੈ॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ॥ (੭੬੫)

ਜਦੋਂ ਅਉਗਣਾਂ ਨੂੰ ਮੇਟ ਕੇ ਗੁਣ ਗਾਉਣ ਵਿੱਚ ਲੱਗਾਂਗੇ ਤਾਂ ਫਿਰ ਚਿਤ ਨਾਮ ਵਿੱਚ ਲੱਗੇਗਾ।

– ਗੁਨ ਗਾਵਤ ਤੇਰੀ ਉਤਰਸਿ ਮੈਲੁ॥ ਬਿਨਸਿ ਜਾਇ ਹਉਮੈ ਬਿਖੁ ਫੈਲੁ॥
ਹੋਹਿ ਅਚਿੰਤੁ ਬਸੈ ਸੁਖ ਨਾਲਿ॥ ਸਾਸਿ ਗ੍ਰਾਸਿ ਹਰਿ ਨਾਮੁ ਸਮਾਲਿ॥ (੨੮੯)

ਜਦੋਂ ਨਾਮ ਮਿਲ ਜਾਵੇ, ਸਾਡਾ ਚਿਤ ਨਾਮੀ ਵਿੱਚ ਅਭੇਦ ਹੋ ਜਾਵੇ ਤਾਂ ਪਰਮ ਸੁੱਖ ਦੀ ਪ੍ਰਾਪਤੀ ਹੋ ਗਈ।

– ਮਿਤ ਕਾ ਚਿਤੁ ਅਨੂਪੁ ਮਰੰਮੁ ਨ ਜਾਨੀਐ॥ ਗਾਹਕ ਗੁਨੀ ਅਪਾਰ ਸੁ ਤਤੁ ਪਛਾਨੀਐ॥
ਚਿਤਹਿ ਚਿਤੁ ਸਮਾਇ ਤ ਹੋਵੈ ਰੰਗੁ ਘਨਾ॥ ਹਰਿਹਾਂ ਚੰਚਲ ਚੋਰਹਿ ਮਾਰਿ ਤ ਪਾਵਹਿ ਸਚੁ ਧਨਾ॥ (੧੩੬੨)

– ਜਾ ਕੈ ਹਰਿ ਵਸਿਆ ਮਨ ਮਾਹੀ॥ ਤਾ ਕਉ ਦੁਖੁ ਸੁਪਨੈ ਭੀ ਨਾਹੀ॥ (੧੯੩)

– ਮੇਰਾ ਹਰਿ ਪ੍ਰਭੁ ਸੇਜੈ ਆਇਆ ਮਨੁ ਸੁਖਿ ਸਮਾਣਾ ਰਾਮ॥
ਗੁਰਿ ਤੁਠੈ ਹਰਿ ਪ੍ਰਭੁ ਪਾਇਆ ਰੰਗਿ ਰਲੀਆ ਮਾਣਾ ਰਾਮ॥ (੮੪੪)

ਜਿਸ ਦੇਹੀ ਵਿੱਚ ਪਹਿਲਾਂ ਲਾਲਚ ਝੂਠ ਆਦਿ ਵਿਕਾਰ ਵਸਦੇ ਸਨ ਉਹ ਹੁਣ ਨਾਮ ਦੇ ਵਾਸੇ ਨਾਲ ਪਵਿੱਤ੍ਰ ਹੋ ਗਈ ਅਤੇ ਸਾਰੇ ਦੁੱਖ ਦੂਰ ਹੋ ਗਏ।

– ਲਾਲਚ ਝੂਠ ਬਿਖੈ ਬਿਆਧਿ ਇਆ ਦੇਹੀ ਮਹਿ ਬਾਸ॥
ਹਰਿ ਹਰਿ ਅੰਮ੍ਰਿਤੁ ਗੁਰਮੁਖਿ ਪੀਆ ਨਾਨਕ ਸੂਖਿ ਨਿਵਾਸ॥ਪਉੜੀ॥
ਲਲਾ ਲਾਵਉ ਅਉਖਧ ਜਾਹੂ॥ ਦੂਖ ਦਰਦ ਤਿਹ ਮਿਟਹਿ ਖਿਨਾਹੂ॥
ਨਾਮ ਅਉਖਧੁ ਜਿਹ ਰਿਦੈ ਹਿਤਾਵੈ॥ ਤਾਹਿ ਰੋਗੁ ਸੁਪਨੈ ਨਹੀ ਆਵੈ॥
ਹਰਿ ਅਉਖਧੁ ਸਭ ਘਟ ਹੈ ਭਾਈ॥ ਗੁਰ ਪੂਰੇ ਬਿਨੁ ਬਿਧਿ ਨ ਬਨਾਈ॥
ਗੁਰਿ ਪੂਰੈ ਸੰਜਮੁ ਕਰਿ ਦੀਆ॥ ਨਾਨਕ ਤਉ ਫਿਰਿ ਦੂਖ ਨ ਥੀਆ॥ (੨੫੯)

ਮਨ ਸ਼ੁੱਧ, ਨਿਰਮਲ ਅਤੇ ਪਵਿੱਤ੍ਰ ਹੋ ਜਾਂਦਾ ਹੈ।

– ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ॥ ਸੂਚੇ ਸੇਈ ਨਾਨਕਾ ਜਿਨ ਮਨਿ ਵਸਿਆ ਸੋਇ॥ (੪੭੨)

– ਭਰੀਐ ਹਥੁ ਪੈਰੁ ਤਨੁ ਦੇਹ॥ ਪਾਣੀ ਧੋਤੈ ਉਤਰਸੁ ਖੇਹ॥
ਮੂਤ ਪਲੀਤੀ ਕਪੜੁ ਹੋਇ॥ ਦੇ ਸਾਬੂਣੁ ਲਈਐ ਓਹੁ ਧੋਇ॥
ਭਰੀਐ ਮਤਿ ਪਾਪਾ ਕੈ ਸੰਗਿ॥ ਓਹੁ ਧੋਪੈ ਨਾਵੈ ਕੈ ਰੰਗਿ॥ (੪)

ਇਉਂ ਅੰਦਰਲੀ ਅਵਸਥਾ ਮਾਇਆ ਦੇ ਅਸਰ ਤੋਂ ਉਚੇਰੀ ਹੋ ਜਾਂਦੀ ਹੈ। ਮਾਇਆ ਰੱਬੀ ਹੁਕਮ ਨਾਲ ਜਗਤ ਦੀ ਆਮਲ (ਹਾਕਮ) ਬਣੀ ਹੋਈ ਹੈ ਜੋ ਸਭ ਦੇ ਰਾਹ ਵਿੱਚ ਰੋਕ ਪਾ ਕੇ ਆਪਣਾ ਅਸਰ ਪਾਉਂਦੀ ਹੈ ਪਰ ਨਾਮ ਵਾਲਾ ਮਨੁੱਖ ਖ਼ਾਸ ਸਾਹਿਬ ਦਾ ਦਰਬਾਰੀ ਹੋ ਜਾਂਦਾ ਹੈ ਅਤੇ ਇਸ ਦੇ ਅਸਰ ਤੋਂ ਬਾਹਰ ਹੋ ਜਾਂਦਾ ਹੈ।

– ਮਤਾ ਕਰਉ ਸੋ ਪਕਨਿ ਨ ਦੇਈ॥ ਸੀਲ ਸੰਜਮ ਕੈ ਨਿਕਟਿ ਖਲੋਈ॥
ਵੇਸ ਕਰੇ ਬਹੁ ਰੂਪ ਦਿਖਾਵੈ॥ ਗ੍ਰਿਹਿ ਬਸਨਿ ਨ ਦੇਈ ਵਖਿ ਵਖਿ ਭਰਮਾਵੈ॥
ਘਰ ਕੀ ਨਾਇਕਿ ਘਰ ਵਾਸੁ ਨ ਦੇਵੈ॥ ਜਤਨ ਕਰਉ ਉਰਝਾਇ ਪਰੇਵੈ॥ਰਹਾਉ॥
ਧੁਰ ਕੀ ਭੇਜੀ ਆਈ ਆਮਰਿ॥ ਨਉ ਖੰਡ ਜੀਤੇ ਸਭਿ ਥਾਨ ਥਨੰਤਰ॥
ਤਟਿ ਤੀਰਥਿ ਨ ਛੋਡੈ ਜੋਗ ਸੰਨਿਆਸ॥ ਪੜਿ ਥਾਕੇ ਸਿੰਮ੍ਰਿਤਿ ਬੇਦ ਅਭਿਆਸ॥
ਜਹ ਬੈਸਉ ਤਹ ਨਾਲੇ ਬੈਸੈ॥ ਸਗਲ ਭਵਨ ਮਹਿ ਸਬਲ ਪ੍ਰਵੇਸੈ॥
ਹੋਛੀ ਸਰਣਿ ਪਇਆ ਰਹਣੁ ਨ ਪਾਈ॥ ਕਹੁ ਮੀਤਾ ਹਉ ਕੈ ਪਹਿ ਜਾਈ॥
ਸੁਣਿ ਉਪਦੇਸੁ ਸਤਿਗੁਰ ਪਹਿ ਆਇਆ॥ ਗੁਰਿ ਹਰਿ ਹਰਿ ਨਾਮੁ ਮੋਹਿ ਮੰਤ੍ਰੁ ਦ੍ਰਿੜਾਇਆ॥
ਨਿਜ ਘਰਿ ਵਸਿਆ ਗੁਣ ਗਾਇ ਅਨੰਤਾ॥ ਪ੍ਰਭੁ ਮਿਲਿਓ ਨਾਨਕ ਭਏ ਅਚਿੰਤਾ॥
ਘਰੁ ਮੇਰਾ ਇਹ ਨਾਇਕਿ ਹਮਾਰੀ॥ ਇਹ ਆਮਰਿ ਹਮ ਗੁਰਿ ਕੀਏ ਦਰਬਾਰੀ॥ਰਹਾਉ ਦੂਜਾ॥ (੩੭੧)

ਐਸੇ ਮਨੁੱਖਾਂ ਲਈ ਜਨਮ ਮਰਨ ਅਤੇ ਗਿਰਾਵਟ ਮੁਕ ਗਈ।

– ਨਾ ਓਹਿ ਮਰਹਿ ਨ ਠਾਗੇ ਜਾਹਿ॥ ਜਿਨ ਕੈ ਰਾਮੁ ਵਸੈ ਮਨ ਮਾਹਿ॥ (੮)

– ਮਾਇਆ ਡੋਲੈ ਬਹੁ ਬਿਧੀ ਮਨੁ ਲਪਟਿਓ ਤਿਹ ਸੰਗ॥
ਮਾਗਨ ਤੇ ਜਿਹ ਤੁਮ ਰਖਹੁ ਸੁ ਨਾਨਕ ਨਾਮਹਿ ਰੰਗ॥ (੨੫੮)

ਸਤਿਗੁਰੂ ਫੁਰਮਾਉਂਦੇ ਹਨ ਕਿ ਸਾਰੇ ਜੀਵ ਇਸੇ ਮੁਨਾਫ਼ੇ ਨੂੰ ਖੱਟਣ ਲਈ ਆਏ ਹਨ।

– ਦੁਇ ਦੀਵੇ ਚਉਦਹ ਹਟਨਾਲੇ॥ ਜੇਤੇ ਜੀਅ ਤੇਤੇ ਵਣਜਾਰੇ॥
ਖੁਲ੍ਹੇ ਹਟ ਹੋਆ ਵਾਪਾਰੁ॥ ਜੋ ਪਹੁਚੈ ਸੋ ਚਲਣਹਾਰੁ॥
ਧਰਮੁ ਦਲਾਲੁ ਪਾਏ ਨੀਸਾਣੁ॥ ਨਾਨਕ ਨਾਮੁ ਲਾਹਾ ਪਰਵਾਣੁ॥
ਘਰਿ ਆਏ ਵਜੀ ਵਾਧਾਈ॥ ਸਚ ਨਾਮ ਕੀ ਮਿਲੀ ਵਡਿਆਈ॥ (੭੮੯)

– ਪਰਦੇਸੁ ਝਾਗਿ ਸਉਦੇ ਕਉ ਆਇਆ॥ ਵਸਤੁ ਅਨੂਪ ਸੁਣੀ ਲਾਭਾਇਆ॥
ਗੁਣ ਰਾਸਿ ਬੰਨ੍ਹਿ ਪਲੈ ਆਨੀ॥ ਦੇਖਿ ਰਤਨੁ ਇਹੁ ਮਨੁ ਲਪਟਾਨੀ॥
ਸਾਹ ਵਾਪਾਰੀ ਦੁਆਰੈ ਆਏ॥ ਵਖਰੁ ਕਾਢਹੁ ਸਉਦਾ ਕਰਾਏ॥ਰਹਾਉ॥
ਸਾਹਿ ਪਠਾਇਆ ਸਾਹੈ ਪਾਸਿ॥ ਅਮੋਲ ਰਤਨ ਅਮੋਲਾ ਰਾਸਿ॥
ਵਿਸਟੁ ਸੁਭਾਈ ਪਾਇਆ ਮੀਤ॥ ਸਉਦਾ ਮਿਲਿਆ ਨਿਹਚਲ ਚੀਤ॥
ਭਉ ਨਹੀ ਤਸਕਰ ਪਉਣ ਨ ਪਾਨੀ॥ ਸਹਜਿ ਵਿਹਾਝੀ ਸਹਜਿ ਲੈ ਜਾਨੀ॥
ਸਤ ਕੈ ਖਟਿਐ ਦੁਖੁ ਨਹੀ ਪਾਇਆ॥ ਸਹੀ ਸਲਾਮਤਿ ਘਰਿ ਲੈ ਆਇਆ॥
ਮਿਲਿਆ ਲਾਹਾ ਭਏ ਅਨੰਦ॥ ਧੰਨੁ ਸਾਹ ਪੂਰੇ ਬਖਸਿੰਦ॥

ਇਹੁ ਸਉਦਾ ਗੁਰਮੁਖਿ ਕਿਨੈ ਵਿਰਲੈ ਪਾਇਆ॥ ਸਹਲੀ ਖੇਪ ਨਾਨਕੁ ਲੈ ਆਇਆ॥ (੩੭੨)

ਆਪ ਫੁਰਮਾਉਂਦੇ ਹਨ ਕਿ ਅਸਾਂ ਵੀ ਇਹੋ ਲਾਹਾ ਖੱਟਿਆ ਹੈ।

– ਮਾਨ ਮੋਹ ਅਰੁ ਲੋਭ ਵਿਕਾਰਾ ਬੀਓ ਚੀਤਿ ਨ ਘਾਲਿਓ॥
ਨਾਮ ਰਤਨੁ ਗੁਣਾ ਹਰਿ ਬਣਜੇ ਲਾਦਿ ਵਖਰੁ ਲੈ ਚਾਲਿਓ॥
ਸੇਵਕ ਕੀ ਓੜਕਿ ਨਿਬਹੀ ਪ੍ਰੀਤਿ॥
ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ॥ਰਹਾਉ॥
ਜੈਸੀ ਆਗਿਆ ਕੀਨੀ ਠਾਕੁਰਿ ਤਿਸ ਤੇ ਮੁਖੁ ਨਹੀ ਮੋਰਿਓ॥
ਸਹਜੁ ਅਨੰਦੁ ਰਖਿਓ ਗ੍ਰਿਹ ਭੀਤਰਿ ਉਠਿ ਉਆਹੂ ਕਉ ਦਉਰਿਓ॥
ਆਗਿਆ ਮਹਿ ਭੂਖ ਸੋਈ ਕਰਿ ਸੂਖਾ ਸੋਗ ਹਰਖ ਨਹੀ ਜਾਨਿਓ॥
ਜੋ ਜੋ ਹੁਕਮੁ ਭਇਓ ਸਾਹਿਬ ਕਾ ਸੋ ਮਾਥੈ ਲੇ ਮਾਨਿਓ॥
ਭਇਓ ਕ੍ਰਿਪਾਲੁ ਠਾਕੁਰੁ ਸੇਵਕ ਕਉ ਸਵਰੇ ਹਲਤ ਪਲਾਤਾ॥
ਧੰਨੁ ਸੇਵਕੁ ਸਫਲੁ ਓਹੁ ਆਇਆ ਜਿਨਿ ਨਾਨਕ ਖਸਮੁ ਪਛਾਤਾ॥ (੧੦੦੦)

ਗੁਰੂ ਸਾਹਿਬ ਫੁਰਮਾਉਂਦੇ ਹਨ ਕਿ ਮਨ ਦੇ ਹਸਤੀ ਵਿੱਚ ਆਉਣ ਦਾ ਭਾਵੇਂ ਕੋਈ ਸਿਧਾਂਤ ਮੰਨ ਲਈਏ ਭਾਵੇਂ ਮਨ ਆਦਿ ਅਗਿਆਨ ਦੇ ਵੱਸ ਹੈ ਤੇ ਭਾਵੇਂ ਕਰਤਾਰ ਨੇ ਭੁਲੇਖਾ ਪਾਇਆ ਹੈ, ਸੁੱਖ ਹਾਸਲ ਕਰਨ ਦਾ ਰਾਹ ਇਹੋ ਹੀ ਹੈ।

– ਇਹੁ ਮਨੁ ਕਰਮਾ ਇਹੁ ਮਨੁ ਧਰਮਾ॥ ਇਹੁ ਮਨੁ ਪੰਚ ਤਤੁ ਤੇ ਜਨਮਾ॥
ਸਾਕਤੁ ਲੋਭੀ ਇਹੁ ਮਨੁ ਮੂੜਾ॥ ਗੁਰਮੁਖਿ ਨਾਮੁ ਜਪੈ ਮਨੁ ਰੂੜਾ॥
ਗੁਰਮੁਖਿ ਮਨੁ ਅਸਥਾਨੇ ਸੋਈ॥ ਗੁਰਮੁਖਿ ਤ੍ਰਿਭਵਣਿ ਸੋਝੀ ਹੋਈ॥
ਇਹੁ ਮਨੁ ਜੋਗੀ ਭੋਗੀ ਤਪੁ ਤਾਪੈ॥ ਗੁਰਮੁਖਿ ਚੀਨ੍ਹੈ ਹਰਿ ਪ੍ਰਭੁ ਆਪੈ॥
ਮਨੁ ਬੈਰਾਗੀ ਹਉਮੈ ਤਿਆਗੀ॥ ਘਟਿ ਘਟਿ ਮਨਸਾ ਦੁਬਿਧਾ ਲਾਗੀ॥
ਰਾਮ ਰਸਾਇਣੁ ਗੁਰਮੁਖਿ ਚਾਖੈ॥ ਦਰਿ ਘਰਿ ਮਹਲੀ ਹਰਿ ਪਤਿ ਰਾਖੈ॥
ਇਹੁ ਮਨੁ ਰਾਜਾ ਸੂਰ ਸੰਗ੍ਰਾਮਿ॥ ਇਹੁ ਮਨੁ ਨਿਰਭਉ ਗੁਰਮੁਖਿ ਨਾਮਿ॥
ਮਾਰੇ ਪੰਚ ਅਪੁਨੈ ਵਸਿ ਕੀਏ॥ ਹਉਮੈ ਗ੍ਰਾਸਿ ਇਕਤੁ ਥਾਇ ਕੀਏ॥
ਗੁਰਮੁਖਿ ਰਾਗ ਸੁਆਦ ਅਨ ਤਿਆਗੇ॥ ਗੁਰਮੁਖਿ ਇਹੁ ਮਨੁ ਭਗਤੀ ਜਾਗੇ॥
ਅਨਹਦ ਸੁਣਿ ਮਾਨਿਆ ਸਬਦੁ ਵੀਚਾਰੀ॥ ਆਤਮੁ ਚੀਨ੍ਹਿ ਭਏ ਨਿਰੰਕਾਰੀ॥
ਇਹੁ ਮਨੁ ਨਿਰਮਲੁ ਦਰਿ ਘਰਿ ਸੋਈ॥ ਗੁਰਮੁਖਿ ਭਗਤਿ ਭਾਉ ਧੁਨਿ ਹੋਈ॥
ਅਹਿਨਿਸਿ ਹਰਿ ਜਸੁ ਗੁਰ ਪਰਸਾਦਿ॥ ਘਟਿ ਘਟਿ ਸੋ ਪ੍ਰਭੁ ਆਦਿ ਜੁਗਾਦਿ॥
ਰਾਮ ਰਸਾਇਣਿ ਇਹੁ ਮਨੁ ਮਾਤਾ॥ ਸਰਬ ਰਸਾਇਣੁ ਗੁਰਮੁਖਿ ਜਾਤਾ॥
ਭਗਤਿ ਹੇਤੁ ਗੁਰ ਚਰਣ ਨਿਵਾਸਾ॥ ਨਾਨਕ ਹਰਿ ਜਨ ਕੇ ਦਾਸਨਿ ਦਾਸਾ॥ (੪੧੫)

– ਭ੍ਰਮਿ ਭ੍ਰਮਿ ਜੋਨੀ ਫਿਰਿ ਫਿਰਿ ਆਇਆ॥ ਆਪਿ ਭੂਲਾ ਜਾ ਖਸਮਿ ਭੁਲਾਇਆ॥
ਹਰਿ ਜੀਉ ਮਿਲੈ ਤਾ ਗੁਰਮੁਖਿ ਬੂਝੈ ਚੀਨੈ ਸਬਦੁ ਅਬਿਨਾਸੀ ਹੇ॥ (੧੦੪੮)

ਸੋ ਹਉਮੈ ਦਾ ਨਾਮ ਕਰਕੇ ਅੰਦਰ ਵਸਦੀ ਸਦਾ ਰਹਿਣ ਵਾਲੀ ਜੋਤਿ ਨਾਲ ਇਕਮਿਕ ਹੋਣਾ ਇਹ ਮਨੁੱਖੀ ਜੀਵਨ ਦਾ ਪ੍ਰਯੋਜਨ ਸਤਿਗੁਰਾਂ ਨੇ ਥਾਪਿਆ ਹੈ।